SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 24* Issue 81 | Thursday, 29 May 2025 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' ***Online*** ਰੋਜ਼ਾਨਾ ਪੜ੍ਹ ਸਕਦੇ ਹੋ

## ਐੱਮਪੀਪੀ ਹਰਦੀਪ ਗਰੇਵਾਲ ਵੱਲੋਂ ਨਵਦੀਪ ਛਿੰਜ਼ਰ ਦਾ ਕਿੰਗ ਚਾਰਲਸ III ਕੋਰੋਨੇਸ਼ਨ ਮੈਡਲ ਨਾਲ ਸਨਮਾਨ



ਬਰੈਂਪਟਨ, 28 ਮਈ (ਪੋਸਟ ਬਿਊਰੋ): ਐੱਮਪੀਪੀ ਹਰਦੀਪ ਗਰੇਵਾਲ ਨੇ ਲਾਅ ਇਨਫੋਰਸਮੈਂਟ ਸੇਵਾ ਵਿਚ 28 ਸਾਲ ਦਾ ਤਜ਼ਰਬਾ ਰੱਖਣ ਵਾਲੇ ਨਵਦੀਪ ਛਿੰਜ਼ਰ ਨੂੰ ਉਨ੍ਹਾਂ ਦੀਆਂ ਜਨਤਕ ਸੁਰੱਖਿਆ, ਯੁਵਾ ਸਲਾਹ ਅਤੇ ਸਮਾਵੇਸ਼ੀ ਪੁਲਿਸਿੰਗ ਵਿੱਚ ਉਨ੍ਹਾਂ ਦੇ ਅਸਾਧਾਰਨ ਯੋਗਦਾਨ ਨੂੰ ਮਾਨਤਾ ਦਿੰਦਿਆਂ ਕਿੰਗ ਚਾਰਲਸ III ਕੋਰੋਨੇਸ਼ਨ ਮੈਡਲ ਨਾਲ ਸਨਮਾਨਿਤ ਕੀਤਾ ਹੈ। ਛਿੰਜ਼ਰ ਨੇ ਲਗਭਗ ਤਿੰਨ ਦਹਾਕਿਆਂ ਤੋਂ ਓਨਟਾਰੀਓ ਦੀ ਸੇਵਾ ਕੀਤੀ ਹੈ। ਜੋਖਮ ਵਿੱਚ ਫਸੇ ਨੌਜਵਾਨਾਂ ਨੂੰ ਸਲਾਹ ਦੇਣ, ਕੋਚਿੰਗ ਕਰਨ ਅਤੇ ਦੱਖਣੀ ਏਸ਼ੀਆਈ ਭਾਈਚਾਰੇ ਨਾਲ ਸਬੰਧਾਂ ਨੂੰ ਮਜ਼ਬੂਤ ਕਰਨ ਦੀ ਉਨ੍ਹਾਂ ਦੀ ਵਚਨਬੱਧਤਾ ਨੇ ਲਾਅ ਇਨਫੋਰਸਮੈਂਟ ਅਤੇ ਵਿਭਿੰਨ ਭਾਈਚਾਰਿਆਂ ਵਿਚਕਾਰ ਸਥਾਈ ਵਿਸ਼ਵਾਸ ਬਣਾਇਆ ਹੈ।

ਇਸ ਮੌਕੇ ਐੱਮਪੀਪੀ ਗਰੇਵਾਲ ਨੇ ਕਿਹਾ ਕਿ ਛਿੰਜ਼ਰ ਸਰਵੋਤਮ ਜਨਤਕ ਸੇਵਾ ਦਾ ਪ੍ਰਤੀਕ ਹੈ। ਉਨ੍ਹਾਂ ਦੀ ਅਗਵਾਈ ਅਤੇ ਹਮਦਰਦੀ ਨੇ ਬਰੈਂਪਟਨ ਅਤੇ ਇਸ ਤੋਂ ਬਾਹਰ ਇੱਕ ਅਰਥਪੂਰਨ ਪ੍ਰਭਾਵ ਛੱਡਿਆ ਹੈ। ਉਹ ਇਸ ਸਨਮਾਨ ਦੇ ਹੱਕਦਾਰ ਹਨ।

ਸਨਮਾਨ ਹਾਸਲ ਕਰਨ ਤੋਂ ਬਾਅਦ ਛਿੰਜ਼ਰ ਨੇ ਕਿਹਾ ਕਿ ਇਸ ਸੂਬੇ ਅਤੇ ਇਸਦੇ ਲੋਕਾਂ ਦੀ ਸੇਵਾ ਕਰਨਾ ਇੱਕ ਸਨਮਾਨ ਦੀ ਗੱਲ ਹੈ। ਮੈਂ ਇਹ ਮਾਨਤਾ ਉਨ੍ਹਾਂ ਲੋਕਾਂ ਨਾਲ ਸਾਂਝੀ ਕਰਦਾ ਹਾਂ ਜੋ ਲੋਕਾਂ ਨੂੰ ਜੋੜਦੇ ਹਨ। ਤਰੱਕੀ ਵਿਸ਼ਵਾਸ, ਸਤਿਕਾਰ ਅਤੇ ਦੂਜਿਆਂ ਦੀ ਸੇਵਾ ਨਾਲ ਸ਼ੁਰੂ ਹੁੰਦੀ ਹੈ।

ਕਿੰਗ ਚਾਰਲਸ III ਕੋਰੋਨੇਸ਼ਨ ਮੈਡਲ ਉਨ੍ਹਾਂ ਕੈਨੇਡੀਅਨਾਂ ਨੂੰ ਮਾਨਤਾ ਦਿੰਦਾ ਹੈ ਜਿਨ੍ਹਾਂ ਨੇ ਆਪਣੇ ਭਾਈਚਾਰਿਆਂ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਛਿੰਜ਼ਰ ਦੀ ਵਿਰਾਸਤ ਉਸ ਸਮਰਪਣ ਦੀ ਇੱਕ ਖੂਬਸੂਰਤ ਉਦਾਹਰਣ ਹੈ।

## ਕੈਨੇਡਾ 1 ਜੁਲਾਈ ਤੱਕ ਯੂਰਪੀਅਨ ਰੱਖਿਆ ਪੁਨਰ ਹਥਿਆਰ ਯੋਜਨਾ 'ਤੇ ਕਰ ਸਕਦੈ ਹਸਤਾਖ਼ਰ

### ਕਾਰਨੀ ਨੇ ਇਸ ਨੂੰ ਅਮਰੀਕਾ 'ਤੇ ਦੇਸ਼ ਦੀ ਨਿਰਭਰਤਾ ਨੂੰ ਘਟਾਉਣ ਵੱਲ ਇੱਕ ਕਦਮ ਕਿਹਾ

ਓਟਵਾ, 28 ਮਈ (ਪੋਸਟ ਬਿਊਰੋ): ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਸੰਕੇਤ ਦਿੱਤਾ ਕਿ ਉਨ੍ਹਾਂ ਨੂੰ ਉਮੀਦ ਹੈ ਕਿ ਕੈਨੇਡਾ 1 ਜੁਲਾਈ ਤੱਕ ਇੱਕ ਵੱਡੀ ਯੂਰਪੀਅਨ ਰੱਖਿਆ ਪੁਨਰ ਹਥਿਆਰ ਯੋਜਨਾ 'ਤੇ ਦਸਤਖਤ ਕਰਨ ਦੇ ਯੋਗ ਹੋ ਜਾਵੇਗਾ, ਜੋ ਕਿ ਹਥਿਆਰਾਂ ਅਤੇ ਗੋਲਾਬਾਰੀ ਲਈ ਸੰਯੁਕਤ ਰਾਜ ਅਮਰੀਕਾ 'ਤੇ ਦੇਸ਼ ਦੀ ਨਿਰਭਰਤਾ ਨੂੰ ਘਟਾਉਣ ਵੱਲ ਇੱਕ ਕਦਮ ਹੈ। ਉਨ੍ਹਾਂ ਇਕ ਇੰਟਰਵਿਊ ਦੌਰਾਨ ਕਿਹਾ ਕਿ ਉਹ ਹਮਲਾਵਰ ਢੰਗ ਨਾਲ ਅੱਗੇ ਵਧਣਾ ਚਾਹੁੰਦੇ ਹਨ। ਰੱਖਿਆ ਲਈ ਪੂੰਜੀ ਖਰਚ ਦੇ ਹਰ ਡਾਲਰ ਦੇ 75 ਸੈਂਟ ਸੰਯੁਕਤ ਰਾਜ ਅਮਰੀਕਾ ਨੂੰ ਜਾਂਦੇ ਹਨ, ਇਹ ਸਮਝਦਾਰੀ ਨਹੀਂ ਹੈ। ਕਾਰਨੀ ਅਹੁਦਾ ਸੰਭਾਲਣ ਤੋਂ ਬਾਅਦ ਯੂਰਪੀਅਨ ਯੂਨੀਅਨ ਨਾਲ ਉਸ ਯੋਜਨਾ 'ਚ ਸ਼ਾਮਲ ਹੋਣ ਲਈ ਰੁੱਝੇ ਹੋਏ ਹਨ, ਜਿਸ ਵਿੱਚ ਮਹਾਂਦੀਪ ਦੇ ਦੇਸ਼ ਅਗਲੇ ਪੰਜ ਸਾਲਾਂ ਵਿੱਚ ਰੱਖਿਆ 'ਤੇ 1.25 ਟ੍ਰਿਲੀਅਨ ਡਾਲਰ ਖਰਚ ਕਰਨਗੇ। ਕਾਰਨੀ ਨੇ ਕਿਹਾ ਕਿ ਅਸੀਂ ਇਸ 'ਤੇ ਅੱਗੇ ਵਧ ਰਹੇ ਹਾਂ ਅਤੇ ਕੈਨੇਡਾ ਦਿਵਸ ਤੱਕ ਅਸੀਂ ਕੁਝ ਠੋਸ ਦੇਖਣਾ ਚਾਹੁੰਦੇ ਹਾਂ।



ਪ੍ਰਧਾਨ ਮੰਤਰੀ ਵੱਲੋਂ ਯੂਰਪ ਨਾਲ ਨੇੜਲੇ ਰੱਖਿਆ ਸਹਿਯੋਗ ਦੀ ਗੱਲ ਕਰਨ ਤੋਂ ਥੋੜ੍ਹੀ ਦੇਰ ਬਾਅਦ, ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਟਰੂਥ ਸੋਸ਼ਲ ਨੂੰ ਕਿਹਾ ਕਿ ਉਨ੍ਹਾਂ ਦਾ ਪ੍ਰਸ਼ਾਸਨ ਕੈਨੇਡਾ ਨਾਲ ਉਨ੍ਹਾਂ ਦੇ ਗੋਲਡਨ ਡੋਮ ਮਿਜ਼ਾਈਲ ਰੱਖਿਆ ਪ੍ਰਣਾਲੀ ਵਿੱਚ ਸ਼ਾਮਲ ਹੋਣ ਬਾਰੇ ਗੱਲਬਾਤ ਕਰ ਰਿਹਾ ਹੈ, ਜਿਸਦੀ ਕੀਮਤ 61 ਬਿਲੀਅਨ ਡਾਲਰ ਹੋਵੇਗੀ, ਪਰ ਜੇਕਰ ਕੈਨੇਡਾ ਸਾਡਾ 51ਵਾਂ ਸੂਬਾ ਬਣ ਜਾਂਦਾ ਹੈ ਤਾਂ ਇਸਦੀ ਕੀਮਤ ਜ਼ੀਰੋ ਡਾਲਰ ਹੋਵੇਗੀ। ਉਹ ਇਸ ਪੇਸ਼ਕਸ਼ 'ਤੇ ਵਿਚਾਰ ਕਰ ਰਹੇ ਹਨ। ਕਾਰਨੀ ਨੇ ਟਰੰਪ ਨਾਲ ਆਪਣੀ ਓਵਲ ਆਫਿਸ ਮੀਟਿੰਗ ਵਿੱਚ, ਇਹ ਸਪੱਸ਼ਟ ਕਰ ਦਿੱਤਾ ਹੈ ਕਿ ਕੈਨੇਡਾ ਅਮਰੀਕਾ ਵਿੱਚ ਸ਼ਾਮਲ ਹੋਣ ਵਿੱਚ ਦਿਲਚਸਪੀ ਨਹੀਂ ਰੱਖਦਾ।

## ਕੈਨੇਡਾ ਅਮਰੀਕੀ ਰਾਜ ਬਣਦੈ ਤਾਂ ਉਸ ਲਈ ਗੋਲਡਨ ਡੋਮ ਹੋਵੇਗਾ ਮੁਫ਼ਤ : ਟਰੰਪ

### ਕਿਹਾ, ਕੈਨੇਡਾ ਦਾ ਬਚੇਗਾ 61 ਬਿਲੀਅਨ ਅਮਰੀਕੀ ਡਾਲਰ ਦਾ ਖਰਚਾ

ਵਾਸ਼ਿੰਗਟਨ, 28 ਮਈ (ਪੋਸਟ ਬਿਊਰੋ): ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕੈਨੇਡਾ ਨੂੰ ਆਪਣੇ ਪ੍ਰਸਤਾਵਿਤ ਗੋਲਡਨ ਡੋਮ ਮਿਜ਼ਾਈਲ ਰੱਖਿਆ ਪ੍ਰਣਾਲੀ ਵਿੱਚ ਸ਼ਾਮਲ ਹੋਣ 'ਤੇ ਇੱਕ ਕੀਮਤ ਰੱਖੀ ਹੈ ਅਤੇ ਇਸ ਪ੍ਰਕਿਰਿਆ ਵਿੱਚ ਕੈਨੇਡਾ ਨੂੰ ਅਮਰੀਕਾ 'ਚ ਸ਼ਾਮਲ ਕਰਨ ਦੀ ਗੱਲ ਨੂੰ ਦੁਹਰਾਇਆ ਹੈ। ਟਰੰਪ ਨੇ ਮੰਗਲਵਾਰ ਨੂੰ ਆਪਣੇ ਟਰੂਥ ਸੋਸ਼ਲ ਪਲੇਟਫਾਰਮ 'ਤੇ ਪੋਸਟ ਕੀਤਾ ਕਿ ਗੋਲਡਨ ਡੋਮ ਵਿੱਚ ਸ਼ਾਮਲ ਹੋਣ ਲਈ ਕੈਨੇਡਾ ਨੂੰ 61 ਬਿਲੀਅਨ ਅਮਰੀਕੀ ਡਾਲਰ ਦਾ ਖਰਚਾ ਆਵੇਗਾ ਜੇਕਰ ਉਹ ਇੱਕ ਵੱਖਰਾ ਰਾਸ਼ਟਰ ਬਣਿਆ ਰਹਿੰਦਾ ਹੈ ਪਰ ਜੇਕਰ ਉਹ ਸਾਡਾ 51ਵਾਂ ਸੂਬਾ ਬਣ ਜਾਂਦਾ ਹੈ ਤਾਂ ਇਸਦੀ ਕੋਈ ਕੀਮਤ ਨਹੀਂ ਹੋਵੇਗੀ। ਉਨ੍ਹਾਂ ਦਾਅਵਾ ਕੀਤਾ ਕਿ ਕੈਨੇਡਾ ਇਸ ਪੇਸ਼ਕਸ਼ 'ਤੇ ਵਿਚਾਰ ਕਰ ਰਿਹਾ ਹੈ।



ਟਰੰਪ ਦੀ ਪੋਸਟ ਉਸੇ ਦਿਨ ਆਈ ਜਦੋਂ ਕਿੰਗ ਚਾਰਲਸ ਵੱਲੋਂ ਸੰਸਦ ਵਿੱਚ ਤਖਤ ਭਾਸ਼ਣ ਦਿੱਤਾ ਗਿਆ ਸੀ, ਜਿਸ ਦੌਰਾਨ ਉਨ੍ਹਾਂ ਨੇ ਕੈਨੇਡਾ ਦੀ ਪ੍ਰਭੂਸੱਤਾ ਦਾ ਦਾਅਵਾ ਕੀਤਾ ਅਤੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਆਪਣੀ ਸਰਕਾਰ ਨੂੰ ਇੱਕ ਪ੍ਰਮੁੱਖ ਯੂਰਪੀਅਨ ਰੱਖਿਆ ਪੁਨਰ ਹਥਿਆਰਬੰਦ ਯੋਜਨਾ ਵਿੱਚ ਸ਼ਾਮਲ ਹੋਣ ਲਈ ਵਚਨਬੱਧ ਕੀਤਾ।

ਬੀਤੀ 6 ਮਈ ਨੂੰ ਵਾਸ਼ਿੰਗਟਨ, ਡੀ.ਸੀ. ਵਿੱਚ ਓਵਲ ਦਫ਼ਤਰ ਵਿੱਚ ਕਾਰਨੀ ਨਾਲ ਮੁਲਾਕਾਤ ਤੋਂ ਬਾਅਦ ਟਰੰਪ ਦੀ ਸੋਸ਼ਲ ਮੀਡੀਆ ਪੋਸਟ ਪਹਿਲੀ ਵਾਰ ਆਪਣੀ 51ਵੀਂ ਸਟੇਟ ਧਮਕੀ ਨੂੰ ਵੀ ਦਰਸਾਉਂਦੀ ਹੈ।

ਨਵਾਂ ਘਾਹ ਲਵਾਉ | 647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
- Mouse & Rats - Spiders & Fleas - Bedbugs - Wasps
- Cockroaches - Carpenter Ants - Silver Fish - Racoons
Call : PARESH PATEL
(Government Approved Licensed Technician)
416 938 4598

exp REALTY BROKERAGE
~~$1,249,900~~
FOR $1,199,000
ARZADON REALTY
BERNARD ARZADON
REALTOR®
Cell: 647-929-4279
Bernard@ArzadonRealty.com

HOUSE FOR SALE IN WELLAND
211 Merritt St Welland, ON L3C 4T8
Dir/Cross St: Fitch and First Ave
5 Bed | 3.5 Bath | Detached 2 Car Garage

**A stately 5-bedroom, 3.5-bathroom** All-brick residence in one of Welland's most prestigious neighborhoods.

**Spanning 4,300+ sq. ft. of living space,** this home boasts hand-scraped hickory hardwood floors & elegant crown molding. The professionally designed chefs kitchen is a dream, featuring Alaska White granite countertops, custom Imprezza cabnetry, a Bluestar 6-burner commercial gas range, Kohler farmhouse sink, Jenn-Air wine fridge, and an over-stove pot filler. Completes with fireplaces and oversized windows that invite abundant natural light. **Upstairs, 5 generously sized bedrooms.**

The **fully finished walk-up basement** offers versatile space for an entertainment room & more. The **walk-up basement** provides expanded opportunities of a private suite, or a multi-generational living. Step outside into a lush backyard retreat, beautifully landscaped with perennial gardens and a stunning Magnolia tree, creating a serene setting for outdoor relaxation. A **17' x 35' aggregate patio,** a circular paved stone courtyard with a centerpiece fountain, and **a Detached 2-car garage** complete this breathtaking outdoor space. **Book your private showing today!**










# ‘ਬੀਵੀਡੀ ਬਰੈਂਪਟਨ ਹਾਫ਼-ਮੈਰਾਥਨ’ ਈਵੈਂਟ 2025 ’ਚ ਬਣਿਆ ਮੇਲੇ ਵਾਲਾ ਮਾਹੌਲ

*** 1200 ਤੋਂ ਵਧੇਰੇ ਦੌੜਾਕਾਂ ਤੇ ਵਾੱਕਰਾਂ ਨੇ ਲਿਆ ਹਿੱਸਾ * ਟੀਪੀਏਆਰ ਕਲੱਬ ਦੇ 90 ਮੈਂਬਰਾਂ ਨੇ ਸੰਗਤਰੇ ਰੰਗ ਦੀਆਂ ਟੀ-ਸ਼ਰਟਾਂ ਨਾਲ ਕੀਤੀ ਸ਼ਮੂਲੀਅਤ * ਮੇਅਰ ਪੈਟ੍ਰਿਕ ਬਰਾਊਨ, ਡਿਪਟੀ ਮੇਅਰ ਹਰਕੀਰਤ ਸਿੰਘ ਤੇ ਕਈ ਹੋਰ ਦੌੜਾਕਾਂ ਦੀ ਹੌਸਲਾ ਅਫ਼ਜ਼ਾਈ ਲਈ ਪਹੁੰਚੇ**











ਬਰੈਂਪਟਨ, (ਡਾ. ਝੰਡ) –ਲੰਘੇ ਐਤਵਾਰ 25 ਮਈ ਨੂੰ ਬਰੈਂਪਟਨ ਦੇ ਚਿੰਗੂਆਕੂਜ਼ੀ ਪਾਰਕ ਦੇ ਪੂਰਬਲੇ ਪਾਸੇ ਬਰੈਮਲੀ ਰੋਡ ਉੱਪਰ ਕਰਵਾਏ ਗਏ ‘ਬੀਵੀਡੀ ਬਰੈਂਪਟਨ ਹਾਫ਼-ਮੈਰਾਥਨ’ ਵਿੱਚ ਖ਼ੂਬ ਰੌਣਕਾਂ ਲੱਗੀਆਂ ਜਿਸ ਨਾਲ ਉੱਥੇ ਪੂਰਾ ਖੇਡ-ਮੇਲੇ ਵਾਲਾਮਾਹੌਲ ਬਣ ਗਿਆ। ਇਸ ਈਵੈਂਟ ਵਿੱਚ 1200 ਤੋਂ ਵਧੇਰੇ ਦੌੜਾਕਾਂ ਤੇ ਵਾੱਕਰਾਂ ਨੇ ਮੁਕਾਬਲੇ ਵਾਲੀਆਂ 5 ਕਿਲੋਮੀਟਰ, 10 ਕਿਲੋਮੀਟਰ ਤੇ ਹਾਫ਼-ਮੈਰਾਥਨ ਦੌੜਾਂ ਤੇ ਕਈ ਹੋਰਸ਼ੁਗਲੀਆ ਦੌੜਾਂ ਵਿੱਚ ਭਾਗ ਲਿਆ। ਸੀਨੀਅਰਜ਼ ਲਈ ਮੁਕਾਬਲੇ ਦੀ ਇੱਕ ਕਿਲੋਮੀਟਰ ਦੌੜ ਅਤੇ ਬੱਚਿਆਂ ਲਈ ਇੱਕ ਕਿਲੋਮੀਟਰ ਤੇ ਛੋਟੇਬੱਚਿਆਂ ਦੀਆਂ 400 ਮੀਟਰ ਸ਼ੁਗਲ-ਮੇਲੇ ਵਾਲੀਆਂਦੌੜਾਂ ਵੀ ਕਰਵਾਈਆਂ ਗਈਆਂ। ਇਸ ਦੌਰਾਨ 200 ਤੋਂ ਵਧੇਰੇ ਵਾਲੰਟੀਅਰਾਂ ਨੇ ਆਪਣੀਆਂ ਡਿਊਟੀਆਂ ਬਾਖ਼ੂਬੀ ਨਿਭਾਈਆਂ।

ਮੁਕਾਬਲੇ ਵਾਲੀਆਂ ਦੌੜਾਂ ‘ਚਸ਼ਾਮਲ ਲੰਮੀ ਦੌੜ ਹਾਫ਼-ਮੈਰਾਥਨ ਵਿੱਚ 78 ਦੌੜਾਕਾਂ ਨੇ ਭਾਗ ਲਿਆ ਜਿਸ ਵਿੱਚ ਕ੍ਰਿਸਟੋਫ਼ਰ ਜੂਲੀਅਨ ਇਹ ਦੌੜ ਇੱਕ ਘੰਟਾ 32 ਮਿੰਟ 4 ਸਕਿੰਟ ਵਿੱਚ ਲਗਾ ਕੇ ਪਹਿਲੇ ਨੰਬਰ ‘ਤੇ ਆਇਆ, ਜਦਕਿ ਜੌਸੈੱਫ਼ ਕੈਂਪਾਨੇਲੀ ਤੇ ਜਸਕਰਨ ਨਾਹਲ ਕ੍ਰਮਵਾਰ ਇੱਕ ਘੰਟਾ 34 ਮਿੰਟ 6 ਸਕਿੰਟ ਤੇ ਇੱਕ ਘੰਟਾ 35 ਮਿੰਟ 24 ਸਕਿੰਟ ਨਾਲ ਦੂਸਰੇ ਤੇ ਤੀਸਰੇ ਨੰਬਰ ਤੇ ਰਹੇ। ਏਸੇ ਤਰ੍ਹਾਂ 10 ਕਿਲੋਮੀਟਰ ਦੌੜ ਵਿੱਚ ਸ਼ਾਮਲ ਹੋਏ 175 ਦੌੜਾਕਾਂ ਵਿੱਚੋਂ ਸ਼ਿਵ ਸ਼ਰਮਾ 42 ਮਿੰਟ 44 ਸਕਿੰਟ ਸਮੇਂ ਨਾਲ ਪਹਿਲੇ ਨੰਬਰ ‘ਤੇ ਆਇਆ, ਜਦ ਕਿ ਰਿਆਨ ਔਜਲਾ 43 ਮਿੰਟ 20 ਸਕਿੰਟ ਤੇ ਮੋਹਿੰਦਰਪਾਲ ਔਜਲਾ 44 ਮਿੰਟ 1 ਸਕਿੰਟ ਨਾਲ ਦੂਸਰੇ ਤੇ ਤੀਸਰੇ ਨੰਬਰ ‘ਤੇ ਆਏ। ਪੰਜ ਕਿਲੋਮੀਟਰ ਦੀ ਦੌੜ ਵਿੱਚ ਸ਼ਾਮਲ ਹੋਏ 490 ਦੌੜਾਕਾਂ ਵਿੱਚੋਂ ਬਾਜ ਸਿੰਘ 19 ਮਿੰਟ 23 ਸਕਿੰਟਪਹਿਲੇ ਨੰਬਰ ‘ਤੇ ਆਇਆ ਅਤੇ ਵਿਗਨੇਸ਼ ਰਾਮਾਸਵਾਮੀ ਤੇ ਪਵਨਵੀਰ ਸਿੰਘ ਦੋਵੇਂਇੱਕੋ ਹੀ ਸਮੇਂ 19 ਮਿੰਟ 27 ਸਕਿੰਟ ਨਾਲ ਦੂਸਰੇ ਤੇ ਤੀਸਰੇ ‘ਤੇ ਰਹੇ। ਇਸ ਦੌਰਾਨ ਟੀਪੀਏਆਰ ਕਲੱਬ ਦਾ ਤੇਜ਼-ਤਰਾਰ ਦੌੜਾਕ ਸੁਰਿੰਦਰ ਸਿੰਘ ਨਾਗਰਾ ਇੱਕ ਕਿਲੋਮੀਟਰ ਮੁਕਾਬਲੇ ਦੀ ਦੌੜ 5 ਮਿੰਟ 56 ਸਕਿੰਟ ਵਿੱਚ ਲਗਾ ਕੇ 70 ਸਾਲ ਤੋਂ ਉੱਪਰਲੇ ਉਮਰ-ਵਰਗ ਦੇ 39 ਦੌੜਾਕਾਂ ਵਿੱਚੋਂ ਪਹਿਲੇ ਨੰਬਰ ‘ਤੇ ਆਇਆ। ਇਸ ਤਰ੍ਹਾਂ ਇਸ ਈਵੈਂਟ ਵਿੱਚ ਪੰਜਾਬੀਆਂ ਤੋਂ ਇਲਾਵਾ ਹੋਰ ਕਮਿਊਨਿਟੀਆਂ ਦੇ ਦੌੜਾਕਾਂ ਨੇ ਵੀ ਬੜੇ ਪ੍ਰੋਫ਼ੈਸ਼ਨਲ ਢੰਗ ਨਾਲ ਭਾਗ ਲਿਆ। ਇਸ ਮੌਕੇ ਜੇਤੂਆਂ ਨੂੰ ਪ੍ਰਬੰਧਕਾਂ ਵੱਲੋਂਨਕਦ ਤੇ ਕਈ ਹੋਰ ਇਨਾਮ ਦਿੱਤੇ ਗਏ। ਹਜ਼ਾਰਾਂ ਦੀ ਗਿਣਤੀ ਵਿੱਚ ਦਰਸ਼ਕ ਦੌੜਾਕਾਂ ਦੀ ਹੌਸਲਾ-ਅਫ਼ਜ਼ਾਈ ਲਈ ਪਹੁੰਚੇ।

ਇਹ ਈਵੈਂਟ ਛੇ ਸਥਾਨਕ ਚੈਰਿਟੀਆਂ ਦੀ ਸਾਂਝੀ ਸੰਸਥਾ ‘ਇੰਸਪੀਰੇਸ਼ਨਲ ਸਟੈੱਪਸ’ ਵੱਲੋਂ ਆਯੋਜਿਤ ਕੀਤਾ ਗਿਆ ਜਿਸ ਵਿੱਚ ‘ਐੱਨਲਾਈਟ ਕਿੱਡਜ਼’, ‘ਗੁਰੂ ਗੋਬਿੰਦ ਸਿੰਘ ਚਿਲਡਰਨ ਫ਼ਾਊਂਡੇਸ਼ਨ’, ‘ਸਹਾਇਤਾ’, ‘ਪਿੰਗਲਵਾੜਾ’, ‘ਡਰੱਗ ਅਵੇਅਰਨੈੱਸ ਸੋਸਾਇਟੀ ਆਫ਼ ਟੋਰਾਂਟੋ’ ਅਤੇ ‘ਤਰਕਸ਼ੀਲ ਸੋਸਾਇਟੀ’ ਸ਼ਾਮਲ ਹਨ। ਇਨ੍ਹਾਂ ਦਾ ਸਾਂਝਾ ਮੰਤਵ ਲੋਕਾਂ ਵਿੱਚ ਚੰਗੀ ਸਿਹਤ ਤੇ ਤੰਦਰੁਸਤੀ ਨੂੰਉਤਸ਼ਾਹਿਤ ਕਰਨਾ ਹੈ, ਸਗੋਂ ਇਸ ਦੇ ਨਾਲ਼-ਨਾਲ਼ਸਿਹਤ ਪ੍ਰਤੀ ਜਾਗਰੂਕਤਾ ਨੂੰ ਫ਼ੈਲਾਉਣਾ ਹੈ।

ਇਸ ਵਾਰ ਸਥਾਨਕ ‘ਟੈਰੀ ਫ਼ੌਕਸ ਸਿੰਨਥੈਟਿਕ ਸਟੇਡੀਅਮ’ ਉਪਲੱਬਧ ਨਾ ਹੋਣ ਕਾਰਨ ਇਸ ਈਵੈਂਟ ਲਈ ਮੇਨ-ਸਟੇਜ ਅਤੇ ਵੱਖ-ਵੱਖ ਸਟਾਲਾਂ ਦਾ ਪ੍ਰਬੰਧ ਟੈਂਟ ਬਰੈਮਲੀ ਰੋਡ ਤੇ ਗੁੱਡਵੁੱਡ ਰੋਡ ਨੇੜਲੀ ਪਾਰਕਿੰਗ ਵਿੱਚ ਕੀਤਾ ਗਿਆ ਜਿੱਥੇ ਵੱਖ-ਵੱਖ ਤਰ੍ਹਾਂ ਦੇ ਸਨੈਕਸ, ਚਾਹ-ਪਾਣੀ ਤੇ ਖਾਣ-ਪੀਣ ਦੀਆਂ ਹੋਰ ਕਈ ਆਈਟਮਾਂ ਦਾ ਬਹੁਤ ਵਧੀਆ ਇੰਤਜ਼ਾਮ ਸੀ। ਇੱਕ ਸਟਾਲ ਦੇ ਸਾਹਮਣੇ ਲੋਕ ਸਵੇਰੇ ਅੱਠ ਵਜੇ ਵੇਸਣ ਤੇ ਸਮੋਸਿਆਂ ਨਾਲ ਚਾਹ ਦੀਆਂ ਚੁਸਕੀਆਂ ਲੈ ਰਹੇ ਸਨ। ਨਾਲ ਲੱਗਦੇ ਫ਼ਰੂਟ ਵਾਲੇ ਸਟਾਲ ਵਿੱਚ ਸੇਬਾਂ ਤੇ ਕੇਲਿਆਂ ਦੀ ਭਰਮਾਰ ਸੀ। ਥੋੜ੍ਹੇ ਚਿਰ ਬਾਅਦ ਨਾਲ ਲੱਗਦੇ‘ਸਿੰਘ ਪੀਜ਼ਾ’ ਵਾਲਿਆਂ ਦੇ ਸਟਾਲਵਿੱਚ ਗਰਮਾ-ਗਰਮ ਪੀਜ਼ਿਆਂਦੇ ਡੱਬੇ ਆ ਗਏ ਅਤੇ ਉਸ ਦੇ ਨੇੜਲੇ ਇਕ ਹੋਰ ਸਟਾਲ ਵਿੱਚ ਚਾਵਲ, ਰੋਟੀਆਂ, ਦਾਲ ਤੇ ਮਟਰ ਪਨੀਰ ਦੀ ਸੁਆਦਲੀ ਸਬਜ਼ੀ ਵਾਲਾ ਲੰਗਰ ਵੀ ਪਹੁੰਚ ਗਿਆ। ਦੌੜਾਕਾਂ ਤੇ ਦਰਸ਼ਕਾਂ ਨੇ ਇਹ ਸੱਭ ਬੜੇ ਪ੍ਰੇਮ-ਪਿਆਰ ਤੇ ਸਤਿਕਾਰ ਨਾਲ ਲੰਗਰ ਛਕਿਆ।

ਹਾਫ਼-ਮੈਰਾਥਨ ਦੌੜ ਸਵੇਰੇ 7.30 ਵਜੇ ਹੀ ਆਰੰਭ ਹੋ ਗਈ, ਜਦ ਕਿ 10 ਕਿਲੋਮੀਟਰ ਅਤੇ 5 ਕਿਲੋਮੀਟਰ ਦੌੜਾਂ ਕ੍ਰਮਵਾਰ 8.15 ਵਜੇ ਤੇ 8.45 ਵਜੇ ਸ਼ੁਰੂ ਕਰਵਾਈਆਂ ਗਈਆਂ। ਇਨ੍ਹਾਂ ਸਾਰੀਆਂ ਦੌੜਾਂ ਦਾ ਸ਼ਾਨਦਾਰ ਆਰੰਭਿਕ (‘ਸਟਾਰਟਿੰਗ ਪੁਆਇੰਟ’) ਅਤੇ ਆਖ਼ਰੀ ਪੁਆਇੰਟ (‘ਫਿਨਿਸ਼ ਪੁਆਇੰਟ’)ਬਰੈਮਲੀ ਰੋਡ ਉੱਪਰ ਕੁਈਨਜ਼ ਸਟਰੀਟ ਤੋਂ ਲੱਗਭੱਗ 250 ਗਜ਼ ਉੱਤਰ ਵਾਲੇ ਪਾਸੇ ਬਣਾਇਆ ਗਿਆ। ਵੱਖ-ਵੱਖ ਦੌੜਾਂ ਦੀ ਦੂਰੀ ਨੂੰ ਮੁੱਖ ਰੱਖਦਿਆਂ ਹੋਇਆਂ ਦੌੜਾਕਾਂ ਨੂੰਇੱਥੋਂ ਆਰੰਭਿਕ ਪੁਆਇੰਟ ਤੋਂ ਸ਼ੁਰੂ ਹੋ ਕੇਬਰੈਮਲੀ ਰੋਡ ਉੱਪਰ ਵਿਲੀਅਮ ਪਾਰਕਵੇਅ ਨੂੰ ਪਾਰ ਕਰਕੇ ਅੱਗੋਂ ਨੌਰਥ ਪਾਰਕ ਤੋਂ ਥੋੜ੍ਹਾ ਜਿਹਾ ਉਰਿਉਂਵਾਪਸ ਮੁੜਨਾ ਸੀ। ਹਾਫ਼-ਮੈਰਾਥਨ ਲਈ ਦੌੜਾਕਇਸ ਦੂਰੀ ਦੇ ਅੱਠ ਚੱਕਰ, 10 ਕਿਲੋਮੀਟਰ ਦੌੜ ਵਾਲੇ ਚਾਰ ਚੱਕਰ ਅਤੇ 5 ਕਿਲੋਮੀਟਰ ਵਾਲੇ ਦੋ ਚੱਕਰ ਲਗਾ ਕੇ ‘ਫਿਨਿਸ਼ ਪੁਆਇੰਟ’ ‘ਤੇ ਵਾਪਸਆਏ। ਉਨ੍ਹਾਂ ਦੀ ਸਹਾਇਤਾ ਲਈ ਅਤੇ ਵਾਟਰ ਸਟੇਸ਼ਨਾਂ ‘ਤੇਰਸਤੇ ਵਿੱਚ ਕਈਵਾਲੰਟੀਅਰ ਤਾਇਨਾਤ ਸਨ।

ਜ਼ਿਕਰਯੋਗ ਹੈ ਕਿ ‘ਟੋਰਾਂਟੋ ਪੀਅਰਸਨ ਏਅਰਪੋਰਟ ਰੱਨਰਜ਼ ਕਲੱਬ’ (ਟੀਪੀਏਆਰ ਕਲੱਬ) ਦੇ 90ਮੈਂਬਰਾਂ ਨੇਕਲੱਬ ਦੇ ਚੇਅਰਪਰਸਨ ਸੰਧੂਰਾ ਸਿੰਘ ਬਰਾੜ ਦੀ ਅਗਵਾਈ ਵਿੱਚ ਇਸ ਈਵੈਂਟ ਦੀਆਂ ਵੱਖ-ਵੱਖ ਦੌੜਾਂ ਵਿੱਚ ਭਾਗ ਲਿਆ। ਸੰਗਤਰੇ ਰੰਗ ਦੀਆਂ ਟੀ-ਸ਼ਰਟਾਂ ਨਾਲ ਉਹ ਦੌੜ ਵਿੱਚ ਆਪਣੀ ਵੱਖਰੀ ਹੀ ਦਿੱਖ ਨਾਲ ਦੂਰੋਂ ਹੀ ਪਛਾਣੇ ਜਾ ਰਹੇ ਸਨ। ਇੱਥੇ ਇਹ ਵੀ ਵਰਨਣਯੋਗ ਹੈ ਕਿ ਸੀ.ਐੱਨ. ਟਾਵਰ ਦੀਆਂ 1776 ਪੌੜੀਆਂ ਚੜ੍ਹਨ ਦੇ ਈਵੈਂਟ ਵਿੱਚ ਇਸ ਕਲੱਬ ਦੇ ਦੋ ਮੈਂਬਰ ਸੋਢੀ ਕੰਗ ਅਤੇ ਨੌਨਿਹਾਲ ਚੀਮਾ ਦੋ-ਦੋ ਵਾਰ ਜੇਤੂ ਕਰਾਰ ਦਿੱਤੇ ਗਏ ਹਨ। ਬਰੈਂਪਟਨ ਦੇ ਸਿੱਧੂ ਪਰਿਵਾਰ ਵੱਲੋਂ ਆਪਣੀ ਮਾਤਾ ਕਿਸ਼ਨ ਕੌਰ ਦੀ ਯਾਦ ਵਿੱਚ ਤਿਆਰ ਕੀਤਾ ਗਿਆ ‘ਚਲੰਤ ਯਾਦਗਾਰੀ ਕੱਪ’ਹਰ ਸਾਲਗੁਰੂ ਗੋਬਿੰਦ ਸਿੰਘ ਚਿਲਡਰਨ ਫ਼ੈਂਡਰੇਸ਼ਨ ਵੱਲੋਂ ਜੇਤੂਆਂ ਨੂੰ ਦਿੱਤਾ ਜਾਂਦਾ ਹੈ ਅਤੇਪਿਛਲੇ ਚਾਰ ਸਾਲ ਤੋਂ ਇਹ ਕੱਪ ਟੀਪੀਏਆਰ ਕਲੱਬ ਦੇ ਮੈਂਬਰਾਂ ਕੋਲ ਹੈ। ਪਹਿਲਾਂ ਦੋ ਸਾਲ ਇਹ ਕੱਪ ਇਸ ਕਲੱਬ ਸੋਢੀ ਕੰਗ ਕੋਲ ਰਿਹਾਅਤੇ ਹੁਣ ਪਿਛਲੇ ਸਾਲ ਤੋਂ ਇਹ ਨੌਨਿਹਾਲ ਚੀਮਾ ਕੋਲ ਹੈ। ਮਿਸਟਰ ਚੀਮਾ ਇਹ ਕੱਪ ਇਸ ਖੇਡ ਮੇਲੇ ਵਿੱਚ ਨਾਲ ਲੈ ਕੇ ਆਏ



ਅਤੇ ਕਲੱਬ ਦੇ ਮੈਂਬਰਾਂ ਵੱਲੋਂ ਇਹ ਕੱਪ ਅਸਮਾਨ ਵਿੱਚ ਉੱਚਾ ਲਹਿਰਾਅ ਕੇ ਇਸ ਦੇ ਨਾਲ ਆਪਣੀ ਗਰੁੱਪ ਫ਼ੋਟੋ ਕਰਵਾਈ ਗਈ। ਇਸ ਦੌਰਾਨ ‘ਬਰੈਂਪਟਨ ਬੈਂਡਰਜ਼ ਰੱਨਿੰਗ ਕਲੱਬ’ ਦੇ ਮੈਂਬਰਾਂਨੇ ਇਸ ਈਵੈਂਟ ਵਿੱਚ ਦੌੜਨ ਦੇ ਨਾਲ ਨਾਲ ਲੌਜਿਸਟਿਕ ਸਹਾਇਤਾ ਵਿੱਚ ਵੀ ਬੜੀ ਮਦਦ ਕੀਤੀ। ‘ਐਸੋਸੀਏਸ਼ਨ ਆਫ਼ ਸੀਨੀਅਰਜ਼ ਕਲੱਬਜ਼ ਆਫ਼ ਬਰੈਂਪਟਨ’ ਅਤੇ ‘ਰੱਨ ਫ਼ਾਰ ਵੈਟਰਨਜ਼’ ਦੇ ਸੀਨੀਅਰ ਮੈਂਬਰਾਂ ਨੇਵੀ ਬੜੇ ਉਤਸ਼ਾਹ ਨਾਲ ਹਿੱਸਾ ਲਿਆ।

ਬਰੈਂਪਟਨ ਸਿਟੀ ਕੌਂਸਲ ਦੇ ਮੇਅਰ ਪੈਟ੍ਰਿਕ ਬਰਾਊਨ, ਡਿਪਟੀ ਮੇਅਰ ਹਰਕੀਰਤ ਸਿੰਘ ਤੇ ਕਈ ਹੋਰ ਅਹਿਮ ਸ਼ਖ਼ਸੀਅਤਾਂ ਇਸ ਮੌਕੇ ਦੌੜਾਕਾਂ ਦੀ ਹੌਸਲਾ ਅਫ਼ਜ਼ਾਈ ਲਈ ਇਸ ਖੇਡ ਮੇਲੇ ਵਿੱਚ ਪਹੁੰਚੀਆਂ। ਪ੍ਰਬੰਧਕਾਂ ਵੱਲੋਂ ਸਾਰੇ ਦੌੜਾਕਾਂ, ਦਰਸ਼ਕਾਂ, ਸਪਾਂਸਰਾਂ ਤੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਇਸ ਤਰ੍ਹਾਂ ਇਹ ‘ਬੀਵੀਡੀ ਗਰੁੱਪ ਹਾਫ਼-ਮੈਰਾਥਨ ਈਵੈਂਟ’ ਯਾਦਗਾਰੀ ਹੋ ਨਿਬੜਿਆ। ਸਮੂਹ ਦੌੜਾਕ, ਪ੍ਰਬੰਧਕ, ਵਾਲੰਟੀਅਰ ਤੇ ਦਰਸ਼ਕ ਇਸ ਅਤੀ ਸਫ਼ਲ ਤੇ ਸ਼ਾਨਦਾਰ ਈਵੈਂਟ ਲਈ ਵਧਾਈ ਦੇ ਹੱਕਦਾਰ ਹਨ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
*Real Estate
*Residential, Commercial & Franchise
*Criminal Law
*Family Law
*Affidavit, Power Of Attorney & Notarization
*Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

# ਕੌਂਸਲਰ ਸਟੀਫਨ ਡਾਸਕੋ ਸਾਲਾਨਾ ਵਾਰਡ 1 ਸੀਨੀਅਰਜ਼ ਮੇਲੇ ਦੀ ਕਰਨਗੇ ਮੇਜ਼ਬਾਨੀ

ਮਿਸੀਸਾਗਾ, 28 ਮਈ (ਪੋਸਟ ਬਿਊਰੋ): ਜੂਨ ਦਾ ਮਹੀਨਾ ਸੀਨੀਅਰਜ਼ ਮਹੀਨਾ ਹੈ ਅਤੇ ਕੌਂਸਲਰ ਸਟੀਫਨ ਡਾਸਕੋ ਵੀਰਵਾਰ, 5 ਜੂਨ, 2025 ਨੂੰ ਦੁਪਹਿਰ 1 ਵਜੇ ਤੋਂ 3 ਵਜੇ ਤੱਕ ਮਿਸੀਸਾਗਾ ਸੀਨੀਅਰਜ਼ ਸੈਂਟਰ ਵਿਖੇ ਆਪਣੇ ਸਾਲਾਨਾ ਵਾਰਡ 1 ਕਮਿਊਨਿਟੀ ਸੀਨੀਅਰਜ਼ ਮੇਲੇ ਦੀ ਮੇਜ਼ਬਾਨੀ ਕਰਕੇ ਜਸ਼ਨ ਮਨਾ ਰਹੇ ਹਨ, ਜੋਕਿ 1389 ਕਾਵਥਰਾ ਰੋਡ, ਮਿਸੀਸਾਗਾ, ON L5G 4L1 ਵਿਖੇ ਸਥਿਤ ਹੈ।

ਇਸ ਸਮਾਗਮ ਵਿੱਚ 60 ਤੋਂ ਵੱਧ ਸਥਾਨਕ ਸੇਵਾ ਪ੍ਰਦਾਤਾ ਅਤੇ ਕਮਿਊਨਿਟੀ ਸੰਗਠਨ ਸ਼ਾਮਿਲ ਹੋਣਗੇ ਜੋ ਬਜ਼ੁਰਗਾਂ ਲਈ ਤਿਆਰ ਕੀਤੇ ਗਏ ਸਰੋਤ ਅਤੇ ਜਾਣਕਾਰੀ ਦੀ ਪੇਸ਼ਕਸ਼ ਕਰਨਗੇ। ਹਾਜ਼ਿਰ ਲੋਕ ਮੁਫ਼ਤ ਗਿਵਵੇਅ ਅਤੇ ਰਿਫਰੈਸ਼ਮੈਂਟ ਦਾ ਆਨੰਦ ਮਾਣ ਸਕਣਗੇ।

ਕੌਂਸਲਰ ਡਾਸਕੋ ਨੇ ਕਿਹਾ ਕਿ ਇਹ ਸਾਡੇ ਭਾਈਚਾਰੇ ਵਿੱਚ ਬਜ਼ੁਰਗਾਂ ਲਈ ਤਿਆਰ ਕੀਤੀਆਂ ਗਈਆਂ ਸੇਵਾਵਾਂ ਬਾਰੇ ਜਾਣਨ ਲਈ ਸਥਾਨਕ ਕਾਰੋਬਾਰਾਂ ਅਤੇ ਸੰਗਠਨਾਂ ਨਾਲ ਜੁੜਨ ਦਾ ਇੱਕ ਵਧੀਆ ਮੌਕਾ ਹੈ। ਸਾਰਿਆਂ ਦਾ ਸਵਾਗਤ ਹੈ। ਦਾਖਲਾ ਮੁਫ਼ਤ ਹੈ। ਹੋਰ ਜਾਣਕਾਰੀ ਲਈ, ਕਿਰਪਾ ਕਰਕੇ www.StephenDasko.com 'ਤੇ ਜਾਓ।




## ਵਾਟਰਡਾਊਨ ਏਰੀਆ ਬੈਂਕ ਵਿੱਚ ਡਕੈਤੀ ਕਰਨ ਵਾਲੇ ਦੀ ਭਾਲ 'ਚ ਪੁਲਸ



ਟੋਰਾਂਟੋ, 28 ਮਈ (ਪੋਸਟ ਬਿਊਰੋ): ਪਿਛਲੇ ਹਫ਼ਤੇ ਵਾਟਰਡਾਊਨ ਖੇਤਰ ਵਿੱਚ ਇੱਕ ਬੈਂਕ ਵਿੱਚ ਹੋਈ ਹਥਿਆਰਬੰਦ ਡਕੈਤੀ ਦੀ ਹੈਮਿਲਟਨ ਪੁਲਿਸ ਜਾਂਚ ਕਰ ਰਹੀ ਹੈ। ਪੁਲਿਸ ਨੇ ਕਿਹਾ ਕਿ ਅਧਿਕਾਰੀਆਂ ਨੂੰ 22 ਮਈ ਨੂੰ ਸ਼ਾਮ 6 ਵਜੇ ਦੇ ਕਰੀਬ ਇੱਕ ਆਰਬੀਸੀ ਬੈਂਕ ਵਿੱਚ ਵਾਰਦਾਤ ਦੀ ਸੂਚਨਾ ਮਿਲੀ ਸੀ। ਸ਼ੱਕੀ ਬੈਂਕ ਵਿੱਚ ਦਾਖਲ ਹੋਇਆ ਅਤੇ ਸਟਾਫ ਨੂੰ ਨਕਦੀ ਮੋੜਨ ਲਈ ਕਿਹਾ। ਡਕੈਤੀ ਦੌਰਾਨ ਸ਼ੱਕੀ ਕੋਲ ਹੈਂਡਗਨ ਸੀ ਅਤੇ ਪੁਲਿਸ ਦੇ ਆਉਣ ਤੋਂ ਪਹਿਲਾਂ ਭੱਜ ਗਿਆ। ਪੁਲਿਸ ਨੇ ਇਹ ਨਹੀਂ ਦੱਸਿਆ ਕਿ ਕੀ ਕੁਝ ਚੋਰੀ ਹੋਇਆ ਸੀ।

ਸ਼ੱਕੀ ਨੇ ਡਕੈਤੀ ਸਮੇਂ ਕਾਲੇ ਰੰਗ ਦੇ ਨਕਾਬ ਨਾਲ ਚਿਹਰਾ ਢੱਕਿਆ ਹੋਇਆ ਸੀ, ਸਲੇਟੀ ਰੰਗ ਦੀ ਪ੍ਰਮਾ ਹੂਡੀ, ਕਾਲੀ ਪੈਂਟ ਅਤੇ ਚਿੱਟੇ ਤਲੇ ਵਾਲੇ ਕਾਲੇ ਐਡੀਡਾਸ ਜੁੱਤੇ ਪਾਏ ਹੋਏ ਸਨ। ਉਹ ਇੱਕ ਸਲੇਟੀ ਰੰਗ ਦੀ ਮਾਜ਼ਦਾ ਕੰਪੈਕਟ ਐਸਯੂਵੀ ਚਲਾ ਰਿਹਾ ਸੀ। ਪੁਲਸ ਨੇ ਜਾਣਕਾਰੀ ਵਾਲੇ ਕਿਸੇ ਵੀ ਵਿਅਕਤੀ ਨੂੰ ਹੈਮਿਲਟਨ ਪੁਲਿਸ ਨੂੰ ਕਾਲ ਕਰਨ ਜਾਂ ਗੁਮਨਾਮ ਤੌਰ 'ਤੇ ਕ੍ਰਾਈਮ ਸਟੌਪਰਜ਼ ਨਾਲ ਸੰਪਰਕ ਕਰਨ ਦੀ ਅਪੀਲ ਕੀਤੀ ਹੈ।

## ਲਾਸ਼ ਨਾਲ ਅਸ਼ਲੀਲ ਹਰਕਤ ਕਰਨ ਵਾਲਾ ਗ੍ਰਿਫ਼ਤਾਰ



ਟੋਰਾਂਟੋ, 28 ਮਈ (ਪੋਸਟ ਬਿਊਰੋ): ਟੋਰਾਂਟੋ ਦੇ ਪੂਰਬੀ ਸਿਰੇ 'ਤੇ ਵਾਪਰੀ ਘਟਨਾ 'ਚ ਇੱਕ 67 ਸਾਲਾ ਵਿਅਕਤੀ 'ਤੇ ਲਾਸ਼ ਨਾਲ ਅਸ਼ਲੀਲ ਹਰਕਤ ਕਰਨ ਦੇ ਦੋਸ਼ ਲੱਗੇ ਹਨ। ਪੁਲਿਸ ਦਾ ਕਹਿਣਾ ਹੈ ਕਿ ਅਧਿਕਾਰੀਆਂ ਨੂੰ ਸੋਮਵਾਰ ਦੁਪਹਿਰ ਨੂੰ ਲਾਰਚਮਾਉਂਟ ਐਵੇਨਿਊ ਅਤੇ ਕਵੀਨ ਸਟਰੀਟ ਈਸਟ ਦੇ ਨੇੜੇ ਇੱਕ ਰਿਹਾਇਸ਼ 'ਤੇ ਵੈੱਲਬੈਰੀ ਕਾਲ ਤੋਂ ਬਾਅਦ ਭੇਜਿਆ ਗਿਆ ਸੀ।

ਜਾਂਚਕਰਤਾਵਾਂ ਦਾ ਕਹਿਣਾ ਹੈ ਕਿ ਘਟਨਾਸਥਾਨ 'ਤੇ ਲਾਸ਼ ਪਈ ਸੀ ਤੇ ਰਿਹਾਇਸ਼ ਦੇ ਅੰਦਰ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਟੋਰਾਂਟੋ ਦੇ 67 ਸਾਲਾ ਬੌਬੀ ਚੋਈ ਯਿਨ ਕਵਾਨ 'ਤੇ ਲਾਸ਼ ਨਾਲ ਅਸ਼ਲੀਲ ਹਰਕਤ ਕਰਨ ਦਾ ਦੋਸ਼ ਲਾਇਆ ਗਿਆ ਹੈ। ਪੁਲਿਸ ਦਾ ਕਹਿਣਾ ਹੈ ਕਿ ਮੌਤ ਦਾ ਕਾਰਨ ਅਜੇ ਵੀ ਸਪੱਸ਼ਟ ਨਹੀਂ ਹੈ ਅਤੇ ਪੋਸਟਮਾਰਟਮ ਜਾਂਚ ਕੀਤੀ ਜਾਵੇਗੀ।

## ਗਾਜ਼ਾ ਵਿੱਚ ਖਾਣੇ ਲਈ ਮੱਚੀ ਭਗਦੜ 'ਚ 3 ਮੌਤਾਂ, 46 ਜ਼ਖਮੀ, 7 ਲਾਪਤਾ

ਰਾਫਾ, 28 ਮਈ (ਪੋਸਟ ਬਿਊਰੋ): ਮੰਗਲਵਾਰ ਨੂੰ ਗਾਜ਼ਾ ਦੇ ਦੱਖਣੀ ਸ਼ਹਿਰ ਰਾਫਾ ਵਿੱਚ ਖਾਣਾ ਲੈਣ ਆਏ ਲੋਕਾਂ ਵਿੱਚ ਭਗਦੜ ਮਚ ਗਈ। ਇਸ ਕਾਰਨ 3 ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂ ਕਿ 46 ਜ਼ਖਮੀ ਹਨ। ਇਸ ਤੋਂ ਇਲਾਵਾ 7 ਲੋਕ ਲਾਪਤਾ ਹੋ ਗਏ ਹਨ।



ਅਲ ਜਜ਼ੀਰਾ ਦੀ ਰਿਪੋਰਟ ਅਨੁਸਾਰ, ਇਜ਼ਰਾਈਲੀ ਸੈਨਿਕਾਂ ਦੁਆਰਾ ਹਵਾ ਵਿੱਚ ਗੋਲੀਬਾਰੀ ਕਰਨ ਤੋਂ ਬਾਅਦ ਇਹ ਭਗਦੜ ਟਲ ਗਈ। ਉਸੇ ਸਮੇਂ, ਇਜ਼ਰਾਈਲੀ ਫੌਜ ਨੇ ਕਿਹਾ ਕਿ ਉਸਦੇ ਸੈਨਿਕਾਂ ਨੇ ਭੀੜ ਨੂੰ ਕਾਬੂ ਕਰਨ ਲਈ ਚਿਤਾਵਨੀ ਵਾਲੀਆਂ ਗੋਲੀਆਂ ਚਲਾਈਆਂ ਸਨ।

ਗਾਜ਼ਾ ਵਿੱਚ ਲੋਕਾਂ ਨੂੰ ਖਾਣਾ ਮੁਹੱਈਆ ਕਰਵਾਉਣ ਲਈ ਖਾਣਾ ਕੇਂਦਰ ਸ਼ੁਰੂ ਕੀਤੇ ਜਾ ਰਹੇ ਹਨ। ਮੰਗਲਵਾਰ ਨੂੰ, ਰਾਫਾ ਸ਼ਹਿਰ ਦੇ ਇੱਕ ਅਜਿਹੇ ਕੇਂਦਰ ਵਿੱਚ ਹਜ਼ਾਰਾਂ ਲੋਕਾਂ ਦੀ ਭੀੜ ਖਾਣਾ ਲੈਣ ਲਈ ਇਕੱਠੀ ਹੋਈ। ਇਜ਼ਰਾਈਲੀ ਗੋਲੀਬਾਰੀ ਤੋਂ ਬਾਅਦ, ਹਜ਼ਾਰਾਂ ਫਲਸਤੀਨੀ ਭੋਜਨ ਲੈਣ ਲਈ ਕੇਂਦਰ ਵੱਲ ਭੱਜੇ।

ਗਾਜ਼ਾ ਦੇ ਸਰਕਾਰੀ ਮੀਡੀਆ ਦਫ਼ਤਰ ਨੇ ਇੱਕ ਬਿਆਨ ਵਿੱਚ ਕਿਹਾ ਕਿ ਅੱਜ ਰਫਾਹ ਵਿੱਚ ਜੋ ਹੋਇਆ ਉਹ ਜਾਣਬੁੱਝ ਕੇ ਕੀਤਾ ਗਿਆ ਕਤਲੇਆਮ ਅਤੇ ਇੱਕ ਪੂਰੀ ਤਰ੍ਹਾਂ ਜੰਗੀ ਅਪਰਾਧ ਹੈ।

ਇਸ ਸਮੇਂ ਇੱਕ ਹਫ਼ਤੇ ਲਈ ਗਾਜ਼ਾ ਵਿੱਚ ਸਹਾਇਤਾ ਪਹੁੰਚਾਈ ਜਾਵੇਗੀ। ਇਸ ਸਮੇਂ ਦੌਰਾਨ ਇਜ਼ਰਾਈਲ ਗਾਜ਼ਾ ਵਿੱਚ ਭੋਜਨ ਵੰਡਣ ਲਈ ਨਵੇਂ ਵੰਡ ਕੇਂਦਰ ਬਣਾਏਗਾ। ਇਹ ਕੇਂਦਰ ਇਜ਼ਰਾਈਲੀ ਫੌਜ ਦੀ ਨਿਗਰਾਨੀ ਹੇਠ ਹੋਣਗੇ। ਇਸਦਾ ਸੰਚਾਲਨ ਅਮਰੀਕੀ ਕੰਪਨੀਆਂ ਦੁਆਰਾ ਕੀਤਾ ਜਾਵੇਗਾ।


PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA
416-669-1423
www.purbahomes.com

CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO • HOME • TRUCK • BUSINESS • LIFE • MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Test
* Notary Services
* International Driver Lic.
Lic. 6000947

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

Capital DRUG TESTING

CAPITAL DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# ਰਾਮਗੜ੍ਹੀਆ ਸਿੱਖ ਆਰਗੇਨਾਈਜਸ਼ਨ ਇੰਡੀਆ ਦੀ ਮੀਟਿੰਗ

## ਚਰਨਜੀਤ ਸਿੰਘ ਝੰਡੇਆਣਾ ਨੂੰ ਮੀਤ ਪ੍ਰਧਾਨ ਇੰਡੀਆ ਅਤੇ ਗਿਆਨ ਸਿੰਘ ਸਾਬਕਾ ਡੀਪੀਆਰਓ ਨੂੰ ਵਰਲਡ ਜਰਨਲਿਸਟ ਕਮ ਟਰੱਸਟੀ ਕੀਤਾ ਨਿਯੁਕਤ



ਮੋਗਾ, 28 ਮਈ (ਪੋਸਟ ਬਿਊਰੋ): ਰਾਮਗੜ੍ਹੀਆ ਸਿੱਖ ਆਰਗੇਨਾਈਜਸ਼ਨ ਇੰਡੀਆ ਦੀ ਪ੍ਰਭਾਵਸ਼ਾਲੀ ਮੀਟਿੰਗ ਮੋਗਾ ਵਿਖੇ ਹੋਈ ਜਿਸ ਵਿੱਚ ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਹਰਮੇਲ ਸਿੰਘ ਡਰੋਲੀ ਅਤੇ ਸਾਬਕਾ ਪ੍ਰਧਾਨ ਰਾਜਾ ਸਿੰਘ ਭਾਰਤਵਾਲੇ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਅਤੇ ਅਹਿਮ ਸਖਸ਼ੀਅਤਾਂ ਨੇ ਸ਼ਿਰਕਤ ਕੀਤੀ . ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਕਿਲ੍ਹਾ ਮਹਾਰਾਜਾ ਜੱਸਾ ਸਿੰਘ ਰਾਮਗੜੀਆ ਸਿੰਘਪੁਰ ਟਰੱਸਟ ਦੇ ਚੇਅਰਮੈਨ ਅਤੇ ਰਾਮਗੜ੍ਹੀਆ ਸਿੱਖ ਆਰਗੇਨਾਈਜਸ਼ਨ ਇੰਡੀਆ ਦੇ ਪ੍ਰਧਾਨ ਹਰਦੇਵ ਸਿੰਘ ਕੌਂਸਲ, ਹਰਬੰਸ ਸਿੰਘ ਟਾਂਡਾ ਮੀਤ ਪ੍ਰਧਾਨ ਆਰਐਸਓ ਪੰਜਾਬ ਅਤੇ ਟਰੱਸਟ ਪ੍ਰਧਾਨ, ਲਖਵੀਰ ਸਿੰਘ ਦਸੂਹਾ ਜ਼ਿਲ੍ਹਾ ਮੀਤ ਪ੍ਰਧਾਨ, ਦਵਿੰਦਰ ਸਿੰਘ ਘੋਗਰਾ ਜਨਰਲ ਸਕੱਤਰ ਅਤੇ ਯੂਥ ਆਗੂ ਗੁਰਸੇਵਕ ਸਿੰਘ ਕੌਂਸਲ ਸ਼ਾਮਿਲ ਹੋਏ।

ਇਸ ਮੌਕੇ ਆਪਣੇ ਸੰਬੋਧਨ ਵਿੱਚ ਹਰਦੇਵ ਸਿੰਘ ਕੌਂਸਲ ਚੇਅਰਮੈਨ ਨੇ ਰਾਮਗੜ੍ਹੀਆ ਭਾਈਚਾਰੇ ਦੀ ਬੇਹਤਰੀ ਅਤੇ ਮਹਾਰਾਜਾ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਜੀ ਦੇ ਵਿਰਾਸਤੀ ਅਸਥਾਨ ਇਤਿਹਾਸਿਕ ਕਿਲ੍ਹਾ ਸਿੰਘਪੁਰ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ . ਇਸ ਮੌਕੇ ਉਨ੍ਹਾਂ ਕਿਹਾ ਕਿ ਸਿੱਖ ਪੰਥ ਦੀ ਮਿੰਨੀ ਪਾਰਲੀਮੈਂਟ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲੜਨ ਲਈ ਪੰਜਾਬ ਅੰਦਰ ਇੱਕ 11 ਮੈਂਬਰੀ ਕਮੇਟੀ ਬਣਾਈ ਜਾਵੇਗੀ ਜੋ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਈ ਸਮੀਖਿਆ ਕਰੇਗੀ ਅਤੇ ਸਮਾਂ ਆਉਣ ਤੇ ਢੁਕਵਾਂ ਫੈਸਲਾ ਲਵੇਗੀ। ਇਸ ਮੌਕੇ ਮੋਗੇ ਤੋਂ ਦੋ ਸਖਸੀਅਤਾਂ ਨੂੰ ਰਾਮਗੜ੍ਹੀਆ ਸਿੱਖ ਔਰਗਨਾਈਜੇਸ਼ਨ 'ਚ ਸ਼ਾਮਲ ਕੀਤਾ ਗਿਆ ਜਿਸ ਵਿੱਚ ਚਰਨਜੀਤ ਸਿੰਘ ਝੰਡੇਆਣਾ ਨੂੰ ਮੀਤ ਪ੍ਰਧਾਨ ਇੰਡੀਆ ਅਤੇ ਗਿਆਨ ਸਿੰਘ ਸਾਬਕਾ ਡੀਪੀਆਰਓ ਨੂੰ ਵਰਲਡ ਜਰਨਲਿਸਟ ਕਮ ਮੀਡੀਆ ਟਰੱਸਟੀ ਨਿਯੁਕਤ ਕਰਕੇ ਨਿਯੁਕਤੀ ਪੱਤਰ ਦਿੱਤੇ। ਇਸ ਮੌਕੇ ਆਪਣੇ ਸੰਬੋਧਨ ਵਿੱਚ ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਮੋਗਾ ਦੇ ਪ੍ਰਧਾਨ ਹਰਮੇਲ ਸਿੰਘ ਡਰੋਲੀ ਅਤੇ ਸਾਬਕਾ ਪ੍ਰਧਾਨ ਰਾਜਾ ਸਿੰਘ ਨੇ ਕਿਹਾ ਕਿ ਰਾਮਗੜੀਆ ਕੌਮ ਦੀ ਬੇਹਤਰੀ ਲਈ ਸਾਰੀਆਂ ਸੰਸਥਾਵਾਂ ਲਈ ਵੱਡਾ ਪਲੇਟਫਾਰਮ ਪ੍ਰਦਾਨ ਕਰਨ ਲਈ ਰਾਮਗੜੀਆ ਸਿੱਖ ਆਰਗੇਨਾਈਜੇਸ਼ਨ ਇੰਡੀਆ ਵੱਲੋਂ ਹਰਦੇਵ ਸਿੰਘ ਕੌਂਸਲ ਦੀ ਅਗਵਾਈ ਵਿੱਚ ਸ਼ਾਨਦਾਰ ਉਪਰਾਲੇ ਕੀਤੇ ਜਾ ਰਹੇ ਹਨ ਜਿਸ ਨੂੰ ਮੋਗਾ ਦੀਆਂ ਰਾਮਗੜ੍ਹੀਆ ਸੰਸਥਾਵਾਂ ਵੱਲੋਂ ਭਰਵਾਂ ਸਮਰਥਨ ਅਤੇ ਹੁੰਘਾਰਾ ਦਿੱਤਾ ਜਾ ਰਿਹਾ ਹੈ . ਉਨ੍ਹਾਂ ਆਪਣੇ ਵੱਲੋਂ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ . ਇਸ ਮੌਕੇ ਮੋਗੇ ਦੀਆਂ ਸੰਸਥਾਵਾਂ ਵੱਲੋਂ ਰਾਮਗੜ੍ਹੀਆ ਸਿੱਖ ਆਰਗੇਨਾਈਜ਼ੇਸ਼ਨ ਇੰਡੀਆ ਦੇ ਪ੍ਰਧਾਨ ਹਰਦੇਵ ਸਿੰਘ ਕੌਂਸਲ ਅਤੇ ਸਮੁੱਚੀ ਟੀਮ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੋਹਣ ਸਿੰਘ ਸੱਗੂ ਸਰਪਰੱਸਤ, ਚੰਮਕੌਰ ਸਿੰਘ ਝੰਡੇਆਣਾ ਅਤੇ ਪ੍ਰਿਤਪਾਲ ਸਿੰਘ ਉਕਾਂਰਵਾਲੇ ਸਾਬਕਾ ਪ੍ਰਧਾਨ, ਕੁਲਵੰਤ ਸਿੰਘ ਰਾਮਗੜ੍ਹੀਆ ਚੇਅਰਮੈਨ ਰਾਮਗੜ੍ਹੀਆ ਸੰਗਠਨ, ਕੁਲਵੰਤ ਸਿੰਘ ਭਾਰਤਵਾਲੇ, ਹਰਦੀਪ ਸਿੰਘ ਜੰਡੂ, ਬਲਦੇਵ ਸਿੰਘ ਸੈਂਭੀ, ਦਵਿੰਦਰ ਸਿੰਘ ਘੜਿਆਲ, ਸ਼ਰਨਜੀਤ ਸਿੰਘ ਜੰਡੂ, ਚਰਨਜੀਤ ਸਿੰਘ ਅਤੇ ਹਾਕਮ ਸਿੰਘ ਖੋਸਾ ਸਾਮਲ ਸਨ। ਇਸ ਉਪਰੰਤ ਨਵੇਂ ਬਣੇ ਗੁਰਦੁਆਰਾ ਸਾਹਿਬ ਦੇ ਵੱਡਾ ਦੀਵਾਨ ਹਾਲ ,ਰਿਹਾਇਸ਼ੀ ਕਮਰੇ, ਜੀ ਟੀ ਰੋਡ ਤੇ ਲੱਗੇ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਬੁੱਤ ਅਤੇ ਚੌਂਕ ਵਿੱਚ ਬਣਿਆ ਪਾਰਕ ਦਿਖਾਇਆ ਗਿਆ . ਇਸ ਮੌਕੇ ਹਰਦੇਵ ਸਿੰਘ ਕੌਂਸਲ ਅਤੇ ਮੈਬਰਾਂ ਵਲੋ ਸਾਰੇ ਪ੍ਰਬੰਧਕਾਂ ਦਾ ਸਨਮਾਨ ਕੀਤਾ ਗਿਆ।

# ਆਸਟ੍ਰੇਲੀਆ ਵਿਚ ਸੰਸਦ ਮੈਂਬਰ ਨੇ ਆਪਣੀ ਸਾਥੀ ਮੁਸਲਿਮ ਸੰਸਦ ਮੈਂਬਰ ਨੂੰ ਸ਼ਰਾਬ ਪੀਣ ਅਤੇ ਮੇਜ਼ 'ਤੇ ਨੱਚਣ ਲਈ ਕਿਹਾ

ਕੈਨਬਰਾ, 28 ਮਈ (ਪੋਸਟ ਬਿਊਰੋ): ਆਸਟ੍ਰੇਲੀਆ ਦੀ ਮਹਿਲਾ ਸੰਸਦ ਮੈਂਬਰ ਫਾਤਿਮਾ ਪੇਮਨ ਨੇ ਇੱਕ ਸੀਨੀਅਰ ਪੁਰਸ਼ ਸੰਸਦ ਮੈਂਬਰ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਉਨ੍ਹਾਂ ਨੇ ਦੋਸ਼ ਲਗਾਇਆ ਕਿ ਇੱਕ ਸਮਾਗਮ ਦੌਰਾਨ ਸੰਸਦ ਮੈਂਬਰ ਨੇ ਉਸ ਨਾਲ ਅਸ਼ਲੀਲ ਅਤੇ ਨਸਲੀ ਟਿੱਪਣੀਆਂ ਕੀਤੀਆਂ।

**ਮੁਸਲਿਮ ਸੰਸਦ ਮੈਂਬਰ ਫਾਤਿਮਾ ਨੇ ਲਾਇਆ ਦੋਸ਼, ਸ਼ਿਕਾਇਤ ਦਰਜ ਕਰਵਾਈ**

ਜਾਣਕਾਰੀ ਅਨੁਸਾਰ, ਫਾਤਿਮਾ ਨੇ ਕਿਹਾ ਕਿ ਸੰਸਦ ਮੈਂਬਰ ਸ਼ਰਾਬੀ ਸੀ। ਉਸਨੇ ਉਸਨੂੰ ਸ਼ਰਾਬ ਪੀਣ ਅਤੇ ਮੇਜ਼ 'ਤੇ ਨੱਚਣ ਲਈ ਕਿਹਾ। ਇਸ 'ਤੇ ਉਸਨੇ ਸੰਸਦ ਮੈਂਬਰ ਨੂੰ ਸੀਮਾ ਦੇ ਅੰਦਰ ਰਹਿਣ ਲਈ ਕਿਹਾ ਅਤੇ ਬਾਅਦ ਵਿੱਚ ਸੰਸਦ ਵਿੱਚ ਉਪਚਾਰਿਕ ਸ਼ਿਕਾਇਤ ਦਰਜ ਕਰਵਾਈ।



ਫਾਤਿਮਾ ਨੇ ਉਸ ਸੰਸਦ ਮੈਂਬਰ ਦਾ ਨਾਮ ਨਹੀਂ ਦੱਸਿਆ ਹੈ। ਫਾਤਿਮਾ ਮੁਸਲਿਮ ਹੈ ਅਤੇ ਅਫਗਾਨ ਮੂਲ ਦੀ ਹੈ। ਫਾਤਿਮਾ 2022 ਵਿੱਚ ਪੱਛਮੀ ਆਸਟ੍ਰੇਲੀਆ ਤੋਂ ਲੇਬਰ ਪਾਰਟੀ ਦੇ ਸੈਨੇਟਰ ਵਜੋਂ ਚੁਣੇ ਗਏ ਸਨ ਅਤੇ ਉਸ ਸਮੇਂ ਸਭ ਤੋਂ ਛੋਟੀ ਉਮਰ ਦੀ ਸੰਸਦ ਮੈਂਬਰ ਸਨ। ਫਾਤਿਮਾ ਨੇ ਸਾਲ 2024 ਵਿੱਚ ਲੇਬਰ ਪਾਰਟੀ ਛੱਡ ਦਿੱਤੀ ਸੀ, ਕਿਉਂਕਿ ਉਸਦੀ ਪਾਰਟੀ ਫਲਸਤੀਨ ਨੂੰ ਇੱਕ ਵੱਖਰਾ ਦੇਸ਼ ਮੰਨਣ ਦੇ ਵਿਰੁੱਧ ਸੀ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal
Co-Host
Iqbal Mahal
Producer & Host
Serving the South Asian Community Since 1976

## ਲੜਕੀ ਦੀ ਲੋੜ

**Well settled Canada Citizen Khatri Boy,** Punjabi Vegetarian, No Drinking/smoking family, Handsome, M.Com LLB 1987 6"ft. height. Legally devorced, very short marriage. Senior service, Loan officer in Major Canada Bank. We are close knit family, requires all-caste, punjabi educated girl in Canada OR INDIA. New Comers also Considered on PR. Work permit Parents. Please Call or whattsapp +1 437-446 8681

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

## ਲੜਕੇ ਦੀ ਲੋੜ

suitable match for **Sikh Jatt Girl.** Born in Jan 1995, 5'5" tall. **working with the Government of Canada** and resides in Canada. She is a blend of modern values and traditional upbringing—cultured, respectful, and family-oriented.

looking for a professionally qualified, well-settled Sikh Jatt boy from a respectable family, preferably residing in Canada. **Contact: +1 306 302 9009**

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3'', ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

# ਕੇਂਦਰ ਸਰਕਾਰ ਨੇ ਝੋਨਾ, ਕਪਾਹ, ਸੋਇਆਬੀਨ ਅਤੇ ਅਰਹਰ ਸਮੇਤ 14 ਸਾਉਣੀ ਫਸਲਾਂ ਦੀ ਐੱਮਐੱਸਪੀ ’ਚ ਕੀਤਾ ਵਾਧਾ

ਨਵੀਂ ਦਿੱਲੀ, 28 ਮਈ (ਪੋਸਟ ਬਿਊਰੋ): ਕੇਂਦਰ ਸਰਕਾਰ ਨੇ ਝੋਨਾ, ਕਪਾਹ, ਸੋਇਆਬੀਨ ਅਤੇ ਅਰਹਰ ਸਮੇਤ 14 ਸਾਉਣੀ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ (ਐੱਮਐੱਸਪੀ) ਵਿੱਚ ਵਾਧਾ ਕੀਤਾ ਹੈ। ਕੇਂਦਰੀ ਮੰਤਰੀ ਮੰਡਲ ਨੇ ਇਹ ਫੈਸਲਾ ਅੱਜ ਯਾਨੀ 28 ਮਈ ਨੂੰ ਲਿਆ। ਕੇਂਦਰੀ ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਝੋਨੇ ਦਾ ਨਵਾਂ ਘੱਟੋ-ਘੱਟ ਸਮਰਥਨ ਮੁੱਲ 2,369 ਰੁਪਏ ਨਿਰਧਾਰਤ ਕੀਤਾ ਗਿਆ ਹੈ, ਜੋ ਕਿ ਪਿਛਲੇ ਘੱਟੋ-ਘੱਟ ਸਮਰਥਨ ਮੁੱਲ ਨਾਲੋਂ 69 ਰੁਪਏ ਵੱਧ ਹੈ।



ਕਪਾਹ ਦਾ ਨਵਾਂ ਘੱਟੋ-ਘੱਟ ਸਮਰਥਨ ਮੁੱਲ 7,710 ਰੁਪਏ ਨਿਰਧਾਰਤ ਕੀਤਾ ਗਿਆ ਹੈ। ਇਸ ਦੀ ਇੱਕ ਹੋਰ ਕਿਸਮ ਦਾ ਨਵਾਂ 8,110 ਰੁਪਏ ਕਰ ਦਿੱਤਾ ਗਿਆ ਹੈ, ਜੋਕਿ ਪਹਿਲਾਂ ਨਾਲੋਂ 589 ਰੁਪਏ ਵੱਧ ਹੈ। ਨਵੀਂ ਐੱਮਐੱਸਪੀ ਸਰਕਾਰ ‘ਤੇ 2 ਲੱਖ 7 ਹਜ਼ਾਰ ਕਰੋੜ ਰੁਪਏ ਦਾ ਬੋਝ ਪਾਏਗੀ। ਇਹ ਪਿਛਲੇ ਫਸਲੀ ਸੀਜ਼ਨ ਨਾਲੋਂ 7 ਹਜ਼ਾਰ ਕਰੋੜ ਰੁਪਏ ਵੱਧ ਹੈ। ਕੇਂਦਰੀ ਮੰਤਰੀ ਨੇ ਕਿਹਾ ਕਿ ਇਹ ਯਕੀਨੀ ਬਣਾਉਣ ਦਾ ਧਿਆਨ ਰੱਖਿਆ ਗਿਆ ਹੈ ਕਿ ਘੱਟੋ-ਘੱਟ ਸਮਰਥਨ ਮੁੱਲ ਫਸਲ ਦੀ ਲਾਗਤ ਤੋਂ ਘੱਟੋ-ਘੱਟ 50% ਵੱਧ ਹੋਵੇ।

ਕਿਸਾਨਾਂ ਨੂੰ ਵਿਆਜ ਦਰ ਵਿੱਚ ਛੋਟ ਮਿਲਦੀ ਰਹੇਗੀ।
ਕੇਂਦਰੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਕਿਸਾਨਾਂ ਲਈ ਵਿਆਜ ਮੁਆਫ਼ੀ ਨੂੰ ਬਰਕਰਾਰ ਰੱਖਣ ਦਾ ਫੈਸਲਾ ਲਿਆ ਗਿਆ ਹੈ, ਜਿਸ ‘ਤੇ 15,642 ਕਰੋੜ ਰੁਪਏ ਖਰਚ ਹੋਣਗੇ। ਉਨ੍ਹਾਂ ਕਿਹਾ ਕਿ ਕਿਸਾਨ ਕ੍ਰੈਡਿਟ ਕਾਰਡ (ਕੇ.ਸੀ.ਸੀ.) ‘ਤੇ 4 ਪ੍ਰਤੀਸ਼ਤ ਵਿਆਜ ‘ਤੇ 2 ਲੱਖ ਰੁਪਏ ਤੱਕ ਦੇ ਕਰਜ਼ੇ ਦੇਣ ਦਾ ਪ੍ਰਬੰਧ ਕੀਤਾ ਗਿਆ ਹੈ। ਦੇਸ਼ ਵਿੱਚ 7.75 ਕਰੋੜ ਤੋਂ ਵੱਧ ਕਿਸਾਨ ਕ੍ਰੈਡਿਟ ਕਾਰਡ ਖਾਤੇ ਹਨ। ਇਹ ਹੁਣ ਛੋਟੇ ਅਤੇ ਸੀਮਾਂਤ ਕਿਸਾਨਾਂ ਲਈ ਇੱਕ ਵੱਡਾ ਲਾਭ ਹੋਵੇਗਾ।

ਕੇਂਦਰੀ ਮੰਤਰੀ ਨੇ ਕਿਹਾ ਕਿ ਕੇਂਦਰੀ ਕੈਬਨਿਟ ਨੇ ਵਿਆਜ ਸਬਸਿਡੀ ਯੋਜਨਾ ਨੂੰ ਮਨਜ਼ੂਰੀ ਦੇ ਦਿੱਤੀ ਹੈ। ਕਿਸਾਨ ਕ੍ਰੈਡਿਟ ਕਾਰਡ ਉਦੋਂ ਪੇਸ਼ ਕੀਤਾ ਗਿਆ ਸੀ ਜਦੋਂ ਅਟਲ ਬਿਹਾਰੀ ਵਾਜਪਾਈ ਪ੍ਰਧਾਨ ਮੰਤਰੀ ਸਨ। ਇਸ ਨਾਲ ਕਿਸਾਨਾਂ ਲਈ ਆਪਣੇ ਕੰਮ ਲਈ ਕਰਜ਼ਾ ਲੈਣਾ ਬਹੁਤ ਆਸਾਨ ਹੋ ਗਿਆ ਹੈ।

ਇਸ ਯੋਜਨਾ ਵਿੱਚ, ਇਹ ਯਕੀਨੀ ਬਣਾਉਣ ਦਾ ਧਿਆਨ ਰੱਖਿਆ ਗਿਆ ਹੈ ਕਿ ਕਿਸਾਨਾਂ ਨੂੰ 4 ਪ੍ਰਤੀਸ਼ਤ ਵਿਆਜ ‘ਤੇ 2 ਲੱਖ ਰੁਪਏ ਤੱਕ ਦਾ ਕਰਜ਼ਾ ਮਿਲੇ। 2 ਲੱਖ ਰੁਪਏ ਤੱਕ ਦੇ ਕਰਜ਼ਿਆਂ ‘ਤੇ ਕੋਈ ਗਰੰਟੀ ਨਹੀਂ ਲਈ ਜਾਵੇਗੀ।

## ਮਨੁੱਖੀ ਹੱਡੀਆਂ ਤੋਂ ਬਣੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੀ ਬ੍ਰਿਟਿਸ਼ ਲੜਕੀ ਸ੍ਰੀਲੰਕਾ ’ਚ ਗ੍ਰਿਫਤਾਰ



ਕੋਲੰਬੋ, 28 ਮਈ (ਪੋਸਟ ਬਿਊਰੋ): ਇੱਕ 21 ਸਾਲਾ ਬ੍ਰਿਟਿਸ਼ ਲੜਕੀ ਨੂੰ ਮਨੁੱਖੀ ਹੱਡੀਆਂ ਤੋਂ ਬਣੇ ਸਿੰਥੈਟਿਕ ਡਰੱਗਜ਼ ਦੀ ਤਸਕਰੀ ਕਰਨ ਦੇ ਦੋਸ਼ ਵਿੱਚ ਸ੍ਰੀਲੰਕਾ ਵਿੱਚ ਗ੍ਰਿਫਤਾਰ ਕੀਤਾ ਗਿਆ ਹੈ। ਇੱਕ ਸਾਬਕਾ ਫਲਾਈਟ ਅਟੈਂਡੈਂਟ ਸ਼ਾਰਲੋਟ ਮੇਅ ਲੀ ਨੂੰ ਲਗਭਗ 45 ਗ੍ਰਾਮ ਡਰੱਗਜ਼ ਨਾਲ ਫੜ੍ਹਿਆ ਗਿਆ ਹੈ।

ਬੀਬੀਸੀ ਦੀ ਰਿਪੋਰਟ ਦੇ ਅਨੁਸ-ਾਰ, ਉਸਨੂੰ ਇਸ ਮਹੀਨੇ ਦੇ ਸ਼ੁਰੂ ਵਿੱਚ ਰਾਜਧਾਨੀ ਕੋਲੰਬੋ ਦੇ ਬੰਦਰਾਨਾਈਕੇ ਹਵਾਈ ਅੱਡੇ 'ਤੇ ਗ੍ਰਿਫਤਾਰ ਕੀਤਾ ਗਿਆ ਸੀ। ਸ਼ਾਰ-ਲੋਟ ਨੂੰ 25 ਸਾਲ ਦੀ ਸਜ਼ਾ ਸੁਣਾਈ ਜਾ ਸਕਦੀ ਹੈ। ਉਸ ਤੋਂ ਬਰਾਮਦ ਕੀਤੇ ਗਏ ਨਸ਼ੀਲੇ ਪਦਾਰਥਾਂ ਦੀ ਕੀਮਤ ਲਗਭਗ 28 ਕਰੋੜ ਰੁਪਏ ਹੈ। ਲੜਕੀ ਨੇ ਦਾਅਵਾ ਕੀਤਾ ਹੈ ਕਿ ਨਸ਼ੀਲੇ ਪਦਾਰਥ ਉਸ ਨੂੰ ਦੱਸੇ ਬਿਨ੍ਹਾਂ ਉਸਦੇ ਬੈਗ ਵਿੱਚ ਰੱਖੇ ਗਏ ਸਨ।

# ਅਮਰੀਕਾ ਨੇ ਵਿਦਿਆਰਥੀ ਵੀਜ਼ਾ ਦੇ ਇੰਟਰਵਿਊ ’ਤੇ ਲਗਾਈ ਰੋਕ

ਵਾਸ਼ਿੰਗਟਨ, 28 ਮਈ (ਪੋਸਟ ਬਿਊਰੋ): ਅਮਰੀਕੀ ਸਰਕਾਰ ਨੇ ਵਿਦੇਸ਼ੀ ਵਿਦਿਆਰਥੀਆਂ ਲਈ ਨਵੇਂ ਵੀਜ਼ਾ ਇੰਟਰਵਿਊ 'ਤੇ ਰੋਕ ਲਗਾ ਦਿੱਤੀ ਹੈ। ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਮੰਗਲਵਾਰ ਨੂੰ ਇਸ ਸੰਬੰਧੀ ਇੱਕ ਆਦੇਸ਼ ਜਾਰੀ ਕੀਤਾ। ਆਦੇਸ਼ ਦਾ ਉਦੇਸ਼ ਦੇਸ਼ ਦੀਆਂ ਯੂਨੀਵਰਸਿਟੀਆਂ ਵਿੱਚ ਯਹੂਦੀ ਵਿਰੋਧੀ ਅਤੇ ਖੱਬੇਪੱਖੀ ਵਿਚਾਰਾਂ ਨੂੰ ਰੋਕਣਾ ਹੈ।




ਰੂਬੀਓ ਨੇ ਦੁਨੀਆਂ ਭਰ ਦੇ ਅਮਰੀਕੀ ਦੂਤਾਵਾਸਾਂ ਨੂੰ ਆਦੇਸ਼ ਜਾਰੀ ਕੀਤੇ ਅਤੇ ਕਿਹਾ ਕਿ ਉਨ੍ਹਾਂ ਨੂੰ ਵਿਦਿਆਰਥੀ ਵੀਜ਼ਿਆਂ ਲਈ ਨਵੇਂ ਇੰਟਰਵਿਊ ਤਹਿ ਨਹੀਂ ਕਰਨੇ ਚਾਹੀਦੇ, ਕਿਉਂਕਿ ਟਰੰਪ ਸਰਕਾਰ ਅਮਰੀਕਾ ਆਉਣ ਵਾਲੇ ਵਿਦਿਆਰਥੀਆਂ ਦੇ ਸੋਸ਼ਲ ਮੀਡੀਆ ਪ੍ਰੋਫਾਈਲਾਂ ਦੀ ਜਾਂਚ ਨੂੰ ਹੋਰ ਸਖ਼ਤ ਕਰਨ ਜਾ ਰਹੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਤੁਰੰਤ ਪ੍ਰਭਾਵ ਨਾਲ, ਕੌਂਸਲਰ ਸੈਕਸ਼ਨ ਨੂੰ ਅਗਲੇ ਦਿਸ਼ਾ-ਨਿਰਦੇਸ਼ ਜਾਰੀ ਹੋਣ ਤੱਕ ਵਿਦਿਆਰਥੀ ਜਾਂ ਐਕਸਚੇਂਜ ਵਿਜ਼ਟਰ (ਐੱਫ,ਐੱਮ ਅਤੇ ਜੇ) ਵੀਜ਼ਾ ਲਈ ਨਵੀਆਂ ਅਪਵਾਇੰਟਮੈਂਟ ਦੀ ਆਗਿਆ ਨਾ ਦੇਣ।

ਹਾਲਾਂਕਿ ਪਹਿਲਾਂ ਤੋਂ ਤਹਿ ਕੀਤੇ ਇੰਟਰਵਿਊ ਹੋ ਸਕਦੇ ਹਨ, ਨਵੀਆਂ ਅਪਵਾਇੰਟਮੈਂਟ ਨੂੰ ਸੂਚੀ ਵਿੱਚ ਸ਼ਾਮਿਲ ਨਾ ਕੀਤਾ ਜਾਵੇ।
ਇਹ ਰੋਕ ਐੱਫ,ਐੱਮ ਅਤੇ ਜੇ ਵੀਜ਼ਾ ਸ਼੍ਰੇਣੀਆਂ 'ਤੇ ਲਾਗੂ ਹੁੰਦੀ ਹੈ, ਜੋ ਜ਼ਿਆਦਾਤਰ ਅੰਤਰਰਾਸ਼ਟਰੀ ਵਿਦਿਆਰਥੀਆਂ ਅਤੇ ਐਕਸਚੇਂਜ ਵਿਜ਼ਟਰਾਂ ਨੂੰ ਕਵਰ ਕਰਦੀਆਂ ਹਨ। ਇਹ ਦਾਅਵਾ ਕੀਤਾ ਜਾ ਰਿਹਾ ਹੈ ਕਿ ਇਨ੍ਹਾਂ ਪ੍ਰੋਗਰਾਮਾਂ ਰਾਹੀਂ ਆਉਣ ਵਾਲੇ ਵਿਦਿਆਰਥੀ ਅਮਰੀਕੀ ਸੁਰੱਖਿਆ ਲਈ ਖ਼ਤਰਾ ਹੋ ਸਕਦੇ ਹਨ ਜਾਂ ਯਹੂਦੀ ਵਿਰੋਧੀ ਮਾਹੌਲ ਨੂੰ ਉਤਸ਼ਾਹਿਤ ਕਰ ਸਕਦੇ ਹਨ।

ਟਰੰਪ ਪ੍ਰਸ਼ਾਸਨ ਨੇ ਅਧਿਕਾਰੀਆਂ ਨੂੰ ਇੰਸਟਾਗ੍ਰਾਮ, ਟਿੱਕਟੋਕ ਅਤੇ ਐਕਸ ਵਰਗੇ ਪਲੇਟਫਾਰਮਾਂ 'ਤੇ ਪੋਸਟਾਂ, ਲਾਈਕਸ, ਟਿੱਪਣੀਆਂ ਅਤੇ ਸ਼ੇਅਰਾਂ ਦੀ ਜਾਂਚ ਕਰਨ ਦਾ ਵੀ ਆਦੇਸ਼ ਦਿੱਤਾ ਹੈ, ਤਾਂ ਜੋ ਰਾਸ਼ਟਰੀ ਸੁਰੱਖਿਆ ਲਈ ਖ਼ਤਰਾ ਮੰਨੀ ਜਾਣ ਵਾਲੀ ਸਮੱਗਰੀ ਦਾ ਪਤਾ ਲਗਾਇਆ ਜਾ ਸਕੇ।

ਦਿ ਗਾਰਡੀਅਨ ਅਨੁਸਾਰ, ਅਧਿਕਾਰੀ ਮਾਰਚ ਤੋਂ ਫਲਸਤੀਨ ਪੱਖੀ ਪ੍ਰਦਰਸ਼ਨਾਂ ਵਿੱਚ ਸ਼ਾਮਿਲ ਵਿਦਿਆਰਥੀਆਂ ਦੇ ਸੋਸ਼ਲ ਮੀਡੀਆ ਦੀ ਜਾਂਚ ਕਰ ਰਹੇ ਹਨ। ਉਹ ਉਨ੍ਹਾਂ ਪੋਸਟਾਂ ਦੇ ਸਕ੍ਰੀਨਸ਼ਾਟ ਲੈ ਰਹੇ ਹਨ ਜਿਨ੍ਹਾਂ ਨੂੰ ਅਪਮਾਨਜਨਕ ਮੰਨਿਆ ਜਾਂਦਾ ਹੈ, ਭਾਵੇਂ ਸਮੱਗਰੀ ਨੂੰ ਬਾਅਦ ਵਿੱਚ ਹਟਾ ਦਿੱਤਾ ਜਾਵੇ।

# ਮਸਕ ਦਾ ਸਟਾਰਸ਼ਿਪ ਲਾਂਚ ਤੋਂ 30 ਮਿੰਟ ਬਾਅਦ 9ਵੇਂ ਟੈਸਟ ’ਚ ਵੀ ਫੇਲ੍ਹ

ਟੈਕਸਾਸ, 28 ਮਈ (ਪੋਸਟ ਬਿਊਰੋ): ਦੁਨੀਆਂ ਦੇ ਸਭ ਤੋਂ ਸ਼ਕਤੀਸ਼ਾਲੀ ਰਾਕੇਟ ਸਟਾਰਸ਼ਿਪ ਦਾ 9ਵਾਂ ਟੈਸਟ ਸਫਲ ਨਹੀਂ ਹੋਇਆ। ਸਟਾਰਸ਼ਿਪ ਨੇ ਲਾਂਚ ਤੋਂ ਲਗਭਗ 30 ਮਿੰਟ ਬਾਅਦ ਕੰਟਰੋਲ ਗੁਆ ਦਿੱਤਾ, ਜਿਸ ਕਾਰਨ ਇਹ ਧਰਤੀ ਦੇ ਵਾਯੂਮੰਡਲ ਵਿੱਚ ਦਾਖਲ ਹੋਣ 'ਤੇ ਤਬਾਹ ਹੋ ਗਿਆ। ਇਹ ਲਗਾਤਾਰ ਤੀਜੀ ਵਾਰ ਹੈ ਜਦੋਂ ਸਟਾਰਸ਼ਿਪ ਅਸਮਾਨ ਵਿੱਚ ਤਬਾਹ ਹੋ ਗਿਆ ਹੈ।



ਹਾਲਾਂਕਿ, ਬੂਸਟਰ ਨੇ ਅਮਰੀਕੀ ਖਾੜੀ ਵਿੱਚ ਸਖ਼ਤ ਲੈਂਡਿੰਗ ਕੀਤੀ। ਲੈਂਡਿੰਗ ਬਰਨ ਦੌਰਾਨ, ਬੈਕਅੱਪ ਇੰਜਣ ਦੀ ਸਮਰੱਥਾ ਦੀ ਜਾਂਚ ਕਰਨ ਲਈ ਇੱਕ ਸੈਂਟਰ ਇੰਜਣ ਨੂੰ ਜਾਣਬੁੱਝ ਕੇ ਬੰਦ ਕਰ ਦਿੱਤਾ ਗਿਆ ਸੀ। ਇਸ ਟੈਸਟ ਵਿੱਚ, ਪਹਿਲੀ ਵਾਰ, 7ਵੇਂ ਟੈਸਟ ਵਿੱਚ ਵਰਤੇ ਗਏ ਬੂਸਟਰ ਦੀ ਦੁਬਾਰਾ ਵਰਤੋਂ ਕੀਤੀ ਗਈ ਹੈ।

ਸਟਾਰਸ਼ਿਪ ਨੂੰ ਭਾਰਤੀ ਸਮੇਂ ਅਨੁਸਾਰ ਸਵੇਰੇ 5 ਵਜੇ, 28 ਮਈ ਨੂੰ ਬੋਕਾ ਚਿਕਾ, ਟੈਕਸਾਸ ਤੋਂ ਲਾਂਚ ਕੀਤਾ ਗਿਆ ਸੀ। ਸਟਾਰਸ਼ਿਪ ਪੁਲਾੜ ਯਾਨ ਅਤੇ ਸੁਪਰ ਹੈਵੀ ਬੂਸਟਰ ਨੂੰ ਸਮੂਹਿਕ ਤੌਰ 'ਤੇ 'ਸਟਾਰਸ਼ਿਪ' ਕਿਹਾ ਜਾਂਦਾ ਹੈ।

ਇਹ ਰਾਕੇਟ ਦੁਨੀਆਂ ਦੇ ਸਭ ਤੋਂ ਅਮੀਰ ਕਾਰੋਬਾਰੀ ਐਲਨ ਮਸਕ ਦੀ ਕੰਪਨੀ ਸਪੇਸਐਕਸ ਦੁਆਰਾ ਬਣਾਇਆ ਗਿਆ ਹੈ। ਇਸ ਵਾਹਨ ਦੀ ਉਚਾਈ 403 ਫੁੱਟ ਹੈ। ਇਹ ਪੂਰੀ ਤਰ੍ਹਾਂ ਮੁੜ ਵਰਤੋਂ ਯੋਗ ਹੈ।

ਇਸ ਟੈਸਟ ਤੋਂ ਬਾਅਦ, ਮਸਕ ਨੇ ਕਿਹਾ ਕਿ ਸਟਾਰਸ਼ਿਪ ਨਿਰਧਾਰਤ ਜਹਾਜ਼ ਇੰਜਣ ਕੱਟਆਫ 'ਤੇ ਪਹੁੰਚ ਗਿਆ, ਇਸ ਲਈ ਪਿਛਲੀ ਉਡਾਨ ਦੇ ਮੁਕਾਬਲੇ ਬਹੁਤ ਸੁਧਾਰ ਹੋਇਆ ਹੈ।

ਲੀਕ ਹੋਣ ਕਾਰਨ ਤੱਟ ਅਤੇ ਮੁੜ-ਪ੍ਰਵੇਸ਼ ਪੜਾਅ ਦੌਰਾਨ ਮੁੱਖ ਟੈਂਕ ਦੇ ਦਬਾਅ ਵਿੱਚ ਕਮੀ ਆਈ। ਹੁਣ ਅਗਲੇ ਤਿੰਨ ਲਾਂਚ ਬਹੁਤ ਤੇਜ਼ ਹੋਣਗੇ। ਲਾਂਚ ਲਗਭਗ ਹਰ 3 ਤੋਂ 4 ਹਫ਼ਤਿਆਂ ਵਿੱਚ ਹੋਣਗੇ।

# ਮੱਧ ਪ੍ਰਦੇਸ਼ ਬਿਹਾਰ ਪੁਲਿਸ ਦੀ ਗੱਡੀ ਹੋਈ ਹਾਦਸਾਗ੍ਰਸਤ, 2 ਮੁਲਾਜ਼ਮਾਂ ਦੀ ਮੌਤ

ਨਵੀਂ ਦਿੱਲੀ, 28 ਮਈ (ਪੋਸਟ ਬਿਊਰੋ): ਮੱਧ ਪ੍ਰਦੇਸ਼ ਦੇ ਰਤਲਾਮ ਜ਼ਿਲ੍ਹੇ ਵਿੱਚ ਮੁੰਬਈ-ਦਿੱਲੀ ਐਕਸਪ੍ਰੈਸਵੇਅ ’ਤੇ ਬਿਹਾਰ ਪੁਲਿਸ ਦੀ ਇੱਕ ਗੱਡੀ ਪਲਟ ਗਈ ਹੈ, ਗੱਡੀ ਪਲਟਣ ਨਾਲ ਦੋ ਪੁਲਿਸ ਮੁਲਾਜ਼ਮਾਂ ਦੀ ਮੌਤ ਹੋ ਗਈ। ਪੁਲਿਸ ਸੂਤਰਾਂ ਅਨੁਸਾਰ, ਬਿਹਾਰ ਪੁਲਿਸ ਐੱਸਟੀਐੱਫ ਦੇ ਸਪੈਸ਼ਲ ਆਪ੍ਰੇਸ਼ਨ ਗਰੁੱਪ ਦੀ ਗੱਡੀ ਸ਼ਹਿਰ ਦੇ ਨੇੜੇ ਇਸਰਾਥੁਨੀ ਵਿਖੇ ਹਾਦਸੇ ਦਾ ਸ਼ਿਕਾਰ ਹੋ ਗਈ। ਇਸ ਹਾਦਸੇ ਵਿੱਚ ਇੱਕ ਕਾਂਸਟੇਬਲ ਅਤੇ ਇੱਕ ਸਬ-ਇੰਸਪੈਕਟਰ ਦੀ ਮੌਕੇ ’ਤੇ ਹੀ ਮੌਤ ਹੋ ਗਈ, ਜਦੋਂ ਕਿ ਚਾਰ ਹੋਰ ਪੁਲਿਸ ਮੁਲਾਜ਼ਮ ਜ਼ਖਮੀ ਹੋ ਗਏ। ਬਿਹਾਰ ਪੁਲਿਸ ਗੁਜਰਾਤ ਜਾ ਰਹੀ ਸੀ। ਜ਼ਖਮੀਆਂ ਨੂੰ ਇਲਾਜ ਲਈ ਮੈਡੀਕਲ ਕਾਲਜ ਵਿੱਚ ਦਾਖਲ ਕਰਵਾਇਆ ਗਿਆ, ਜਿਨ੍ਹਾਂ ਨੂੰ ਬਾਅਦ ਵਿੱਚ ਇੰਦੌਰ ਰੈਫਰ ਕਰ ਦਿੱਤਾ ਗਿਆ।

ਸੂਚਨਾ ਮਿਲਦੇ ਹੀ ਪੁਲਿਸ ਸੁਪਰਡੈਂਟ ਅਮਿਤ ਕੁਮਾਰ ਹੋਰ ਪੁਲਿਸ ਅਧਿਕਾਰੀਆਂ ਸਮੇਤ ਮੌਕੇ ‘ਤੇ ਪਹੁੰਚ ਗਏ। ਦੱਸਿਆ ਜਾ ਰਿਹਾ ਹੈ ਕਿ ਸਾਰੇ ਸਿਪਾਹੀ ਸਪੈਸ਼ਲ ਆਪ੍ਰੇਸ਼ਨ ਗਰੁੱਪ ਦੇ ਹਨ, ਜੋ ਬਿਹਾਰ ਦੇ ਗਯਾ ਤੋਂ ਗੁਜਰਾਤ ਦੇ ਸੂਰਤ ਇੱਕ ਆਪ੍ਰੇਸ਼ਨ ਲਈ ਜਾ ਰਹੇ ਸਨ। ਇਸ ਦੌਰਾਨ, ਗੱਡੀ ਕੰਟਰੋਲ ਤੋਂ ਬਾਹਰ ਹੋ ਗਈ ਅਤੇ ਰਤਲਾਮ ਨੇੜੇ ਪਲਟ ਗਈ।

ਪੁਲਿਸ ਸੂਤਰਾਂ ਅਨੁਸਾਰ ਮ੍ਰਿਤਕਾਂ ਦੇ ਨਾਮ ਮੁਕੰਦ ਮੁਰਾਰੀ ਅਤੇ ਵਿਕਾਸ ਕੁਮਾਰ ਹਨ। ਸਬ ਇੰਸਪੈਕਟਰ ਸੰਤੋਸ਼ ਕੁਮਾਰ, ਕਾਂਸਟੇਬਲ ਜੀਵਨਧਾਰੀ ਕੁਮਾਰ, ਮਿਥਿਲੇਸ਼ ਪਾਸਵਾਨ ਅਤੇ ਰੰਜਨ ਕੁਮਾਰ ਜ਼ਖਮੀ ਹੋ ਗਏ।



